ਤੁਸੀਂ ਮੈਨੂੰ ਚਾਹੋਗੇ ਅਤੇ ਮੈਨੂੰ ਲੱਭ ਲਓਗੇ, ਜਦ ਤੁਸੀਂ ਮੈਨੂੰ ਅਪਣੇ ਸੱਚੇ ਮਨੋਂ ਮੈਨੂੰ ਲੱਭੋਗੇ

# ਰੱਬ ਨੂੰ ਕਿਵੇਂ ਜਾਣੀਏ

# ਪਰਮੇਸ਼ਰ ਨੂੰ ਕਿਸ ਤਰ੍ਹਾਂ ਜਾਣ ਸਕਦੇ ਹਾਂ

ਜਿਸ ਤਰ੍ਹਾਂ ਇਬਰਹਮ ਪਰਮੇਸ਼ਰ ਦਾ ਆਗਿਆਕਾਰੀ ਸੀ ਉਸੇ ਤਰ੍ਹਾਂ ਤੁਸੀਂ ਵੀ ਉਸ ਦੀ ਦਇਆ, ਸ਼ਾਂਤੀ ਅਤੇ ਆਗਿਆ ਪਾ ਸਕਦੇ ਹੋ ਕਿ ਤੁਸੀਂ ਵੀ ਪਰਮੇਸ਼ਰ ਦਾਪਿਆਰ ਜਾਣ ਸਕੋ। ਉਸ ਤੇ ਭਰੋਸਾ ਰਖ ਕੇ ਦੀਨ ਬਣੋ, ਇਹ ਕਿੰਨੀ ਭਲੀ ਗੱਲ ਹੈ ਕਿ ਪਰਮੇਸ਼ਰ ਨੇ ਸਾਨੂੰ ਚੁਣਿਆ, ਆਪਣੀ ਦਇਆ ਪਰਗਟ ਕਰਦਾ ਹੈ, ਜੋ ਉਸ ਤੋਂ ਡਰਦੇ ਹਨ। ਜਦੋਂ ਤੁਸੀਂ ਮੰਨ ਨਾਲ ਗਲਤ ਰਸਤਾ ਛਡ ਕੇ ਨੇਕ ਜੀਵਨ ਬਿਤਾਉਂਦੇ ਹੋ ਦੀਨ ਬਣਦੇ ਹੋ ਤਾਂ ਉਸ ਦੀ ਆਤਮਾ ਤੁਹਾਡੇ ਵਿਚ ਨਿਵਾਸ ਕਰੇਗੀ। ਜਦੋਂ ਆਪ ਵਿਸ਼ਵਾਸ ਤੋਂਉਸ ਦੀ ਪ੍ਰਤੀਗਿਆ ਕਰਦੇ ਅਤੇ ਉਸ ਦੀ ਆਗਿਆ ਦਾ ਪਾਲਨ ਕਰਦੇ ਹੋ ਤਾਂ ਕੋਈ ਵੀ ਵਸਤੂ ਤੁਹਾਨੂੰ ਪਰਮੇਸ਼ਰ ਤੋ ਅਲਗ ਨਹੀਂ ਕਰ ਸਕਦੀ, ਇਸਲਈ ਤੁਸੀਂ ਪਰਮੇਸ਼ਰ ਦੇ ਬਹੁਮੁਲੇ ਗਵਾਹ ਠਹਿਰੋਗੇ,ਆਪ ਨੂੰ ਇਹ ਗਿਆਨ ਹੋਵੇਗਾ ਕਿ ਪਰਮੇਵਰ ਨੇ ਸਾਡੇ ਲਈ ਬਹੁਤ ਵੱਡੀ ਕੁਰਬਾਨੀ ਦਿਤੀ ਅਤੇ ਆਪ ਨੂੰ ਅਜ ਵੀ ਪਿਆਰ ਕਰਦਾ ਹੈ। ਪਰਮੇਸ਼ਰ ਤੋ ਪ੍ਰਾਥਨਾ ਕਰੋ ਕਿ ਤੁਹਾਨੂੰ ਸਮਝ, ਬੁੱਧੀ ਗਿਆਨ ਬਖਸ਼ੇ ਤਾਂ ਕਿ ਤੁਸੀਂ ਜਦੋਂ ਉਸਦੇ ਵਚਨ ਨੂੰ ਪੜ੍ਹਦੇ ਹੋ ਤਾਂ ਸਮਝ ਸਕੋ, ਜੋ ਪ੍ਰਭੂ ਦੇ ਸੰਤਾਂ ਦੁਆਰਾ ਲਿਖਿਆ ਵਚਨ ਇਸ ਨੂੰ ਪੂਰਾ ਕਰੋ।

All scriptures are taken from the Punjabi Bible with permission from the Bible Society of India.

# ਸਿਰਫ ਇੱਕ ਹੀ ਸੱਚਾ ਪਰਮੇਸ਼ੁਰ ਹੈ 

"... ਯਹੋਵਾਹ ਸਾਡਾ ਪਰਮੇਸ਼ਰ ਇੱਕੋ ਹੀ ਯਹੋਵਾਹ ਹੈ। ਤੁਸੀਂ ਯਹੋਵਾਹ ਆਪਣੇ ਪਰਮੇਸ਼ਰ ਨੂੰ ਆਪਣੇ ਸਾਰੇ ਮਨ, ਆਪਣੀ ਸਾਰੀ ਜਾਨ ਅਤੇ ਆਪਣੇ ਸਾਰੇ ਜ਼ੋਰ ਨਾਲ ਪਿਆਰ ਕਰੋ।" – ਬਿਵਸਥਾ 6:4, 5

"ਯਹੋਵਾਹ ਜੋ ਅਕਾਸ਼ ਦਾ ਕਰਤਾ ਹੈ,—ਉਹ ਉਹੀ ਪਰਮੇਸ਼ਰ ਹੈ ਜਿਸ ਧਰਤੀ ਨੂੰ ਸਾਜਿਆ, ਜਿਸ ਉਹ ਨੂੰ ਬਣਾਇਆ ਅਤੇ ਕਾਇਮ ਕੀਤਾ, ਉਹ ਨੇ ਉਸ ਨੂੰ ਬੇਡੌਲ ਨਹੀਂ ਉਤਪਤ ਕੀਤਾ, ਉਹ ਨੇ ਵੱਸਣ ਲਈ ਉਸ ਨੂੰ ਸਾਜਿਆ, ਉਹ ਇਉਂ ਆਖਦਾ ਹੈ, ਮੈਂ ਹੀ ਯਹੋਵਾਹ ਹਾਂ, ਹੋਰ ਹੈ ਨਹੀਂ।" – ਯਸਾਯਾਹ 45:18

"ਤਾਂ ਜੋ ਧਰਤੀ ਦੇ ਸਾਰੇ ਲੋਕ ਜਾਣ ਲੈਣ ਭਈ ਯਹੋਵਾਹ ਹੀ ਪਰਮੇਸ਼ਰ ਹੈ ਅਤੇ ਹੋਰ ਕੋਈ ਨਹੀਂ।"
– 1 ਰਾਜਿਆਂ 8:60

"ਮੈਂ ਯਹੋਵਾਹ ਹਾਂ, ਏਹੋ ਈ ਮੇਰਾ ਨਾਮ ਹੈ, ਅਤੇ ਮੈਂ ਆਪਣਾ ਪਰਤਾਪ ਦੂਜੇ ਨੂੰ ਨਹੀਂ ਦਿਆਂਗਾ...।"
– ਯਸਾਯਾਹ 42:8

"ਤੁਸੀਂ ਮੇਰੇ ਗਵਾਹ ਹੋ, ਯਹੋਵਾਹ ਦਾ ਵਾਕ ਹੈ, ਨਾਲੇ ਮੇਰਾ ਦਾਸ ਜਿਹ ਨੂੰ ਮੈਂ ਚੁਣਿਆ, ਭਈ ਤੁਸੀਂ ਜਾਣੋ ਅਤੇ ਮੇਰੀ ਪਰਤੀਤ ਕਰੋ, ਅਤੇ ਸਮਝੋ ਕਿ ਮੈਂ ਉਹੀ ਹਾਂ। ਮੈਥੋਂ ਅੱਗੇ ਕੋਈ ਪਰਮੇਸ਼ਰ ਨਹੀਂ ਸਾਜਿਆ ਗਿਆ, ਨਾ ਮੇਰੇ ਪਿੱਛੋਂ ਕੋਈ ਹੋਵੇਗਾ। ਮੈਂ, ਹਾਂ, ਮੈਂ ਹੀ ਯਹੋਵਾਹ ਹਾਂ, ਮੇਰੇ ਬਿਨਾ ਕੋਈ ਬਚਾਉਣ ਵਾਲਾ ਨਹੀਂ ਹੈ।" – ਯਸਾਯਾਹ 43:10, 11

"ਹੇ ਧਰਤੀ ਦੇ ਕੰਢਿਆਂ ਦਿਓ, ਮੇਰੀ ਵੱਲ ਮੂੰਹ ਕਰੋ ਅਤੇ ਬਚ ਜਾਓ! ਮੈਂ ਪਰਮੇਸ਼ਰ ਜੋ ਹਾਂ ਅਤੇ ਹੋਰ ਹੈ ਨਹੀਂ।" – ਯਸਾਯਾਹ 45:22

# ਪਰਮੇਸ਼ੁਰ ਦਿਯਾਲੂ ਤੇ ਕਿਰਪਾਲੂ ਹੈ

"ਯਹੋਵਾਹ ਦਯਾਲੂ ਤੇ ਕਿਰਪਾਲੂ ਹੈ, ਗੁੱਸੇ ਵਿੱਚ ਧੀਰਜੀ ਅਤੇ ਦਯਾ ਨਾਲ ਭਰਪੂਰ। ਜਿੰਨਾ ਉੱਚਾ ਅਕਾਸ਼ ਧਰਤੀ ਉੱਤੋਂ ਹੈ, ਇੰਨੀ ਵੱਡੀ ਉਹ ਦੀ ਦਯਾ ਉਹ ਦੇ ਡਰਨ ਵਾਲਿਆਂ ਉੱਤੇ ਹੈ!"
– ਜ਼ਬੂਰ 103:8, 11

"ਪਰ ਯਹੋਵਾਹ ਦੀ ਦਯਾ ਆਦ ਤੋਂ ਅੰਤ ਤੀਕ ਆਪਣੇ ਡਰਨ ਵਾਲਿਆਂ ਦੇ ਉੱਤੇ ਹੈ, ਅਤੇ ਉਹ ਦਾ ਧਰਮ ਪੁੱਤਰਾਂ ਪੋਤ੍ਰਿਆਂ ਤੀਕ, ਅਰਥਾਤ ਉਨ੍ਹਾਂ ਲਈ ਜਿਹੜੇ ਉਹ ਦੇ ਨੇਮ ਨੂੰ ਮੰਨਦੇ, ਤੇ ਉਹ ਦੇ ਫ਼ਰਮਾਨਾਂ ਨੂੰ ਚੇਤੇ ਰੱਖਦੇ ਤੇ ਪੂਰੇ ਕਰਦੇ ਹਨ।" – ਜ਼ਬੂਰ 103:17, 18

"ਤੇਰੇ ਵਰਗਾ ਕਿਹੜਾ ਪਰਮੇਸ਼ਰ ਹੈ? ਜੋ ਆਪਣੀ ਮਿਲਖ ਦੇ ਬਕੀਏ ਦੀ ਬਦੀ ਲਈ ਖਿਮਾ ਕਰਦਾ, . . .ਕਿਉਂ ਜੋ ਉਹ ਦਯਾ ਨੂੰ ਪਸੰਦ ਕਰਦਾ ਹੈ।"
– ਮੀਕਾਹ 7:18

"ਏਹ ਯਹੋਵਾਹ ਦੀ ਦਯਾ ਹੈ ਕਿ ਅਸੀਂ ਮੁੱਕੇ ਨਹੀਂ, ਉਸ ਦਾ ਰਹਮ ਅਟੁੱਟ ਜੋ ਹੈ! ਓਹ ਹਰ ਸਵੇਰ ਨੂੰ ਤਾਜ਼ਾ ਹਨ, ਤੇਰੀ ਵਫ਼ਾਦਾਰੀ ਵੱਡੀ ਹੈ।"
– ਵਿਰਲਾਪ ਗੀਤ 3:22, 23

"ਪਰ ਜੇ ਉਹ ਦੁੱਖ ਵੀ ਦੇਵੇ, ਉਹ ਆਪਣੀ ਵੱਡੀ ਦਯਾ ਅਨੁਸਾਰ ਰਹਮ ਕਰੇਗਾ।" – ਵਿਰਲਾਪਗੀਤ 3:32

"ਦਯਾਵਾਨ ਲਈ ਤੂੰ ਆਪਣੇ ਆਪ ਨੂੰ ਦਯਾਵਾਨ ਵਿਖਾਏਂਗਾ, ਪੂਰੇ ਮਨੁੱਖ ਲਈ ਤੂੰ ਆਪਣੇ ਆਪ ਨੂੰ ਪੂਰਾ ਵਿਖਾਏਂਗਾ।" – ਜ਼ਬੂਰ 18:25

". . .ਕਿਉਂ ਜੋ ਮੈਂ ਜਾਣਦਾ ਸਾਂ ਕਿ ਤੂੰ ਕਿਰਪਾਲੂ ਤੇ ਦਯਾਲੂ ਪਰਮੇਸ਼ਰ ਹੈਂ ਜੋ ਕ੍ਰੋਧ ਵਿੱਚ ਧੀਰਜੀ ਅਤੇ ਕਿਰਪਾ ਨਿਧਾਨ ਹੈਂ ਅਤੇ ਬੁਰਿਆਈ ਤੋਂ ਪਛਤਾਉਂਦਾ ਹੈਂ।" – ਯੂਨਾਹ 4:2

# ਪਰਮੇਸ਼ੁਰ ਤੁਹਾਡੇ ਨਾਲ ਪਿਆਰ ਕਰਦਾ ਹੈ

"ਯਹੋਵਾਹ ਨੇ ਦੂਰੋਂ ਮੈਨੂੰ ਵੇਖ ਕੇ ਆਖਿਆ,—ਮੈਂ ਤੇਰੇ ਨਾਲ ਸਦਾ ਦੇ ਪ੍ਰੇਮ ਨਾਲ ਪ੍ਰੇਮ ਕੀਤਾ, ਏਸ ਲਈ ਮੈਂ ਦਯਾ ਨਾਲ ਤੈਨੂੰ ਖਿੱਚਿਆ ਹੈ।" – ਯਿਰ. 31:3

"ਮੈਂ ਤਾਂ ਆਪਣੀਆਂ ਸੋਚਾਂ ਨੂੰ ਜਿਹੜੀਆਂ ਤੁਹਾਡੇ ਵਿਖੇ ਸੋਚਦਾ ਹਾਂ ਜਾਣਦਾ ਹਾਂ, ਯਹੋਵਾਹ ਦਾ ਵਾਕ ਹੈ, ਸ਼ਾਂਤੀ ਦੀਆਂ ਸੋਚਾਂ, ਬੁਰਿਆਈ ਦੀਆਂ ਨਹੀਂ ਭਈ ਮੈਂ ਤੁਹਾਨੂੰ ਛੇਕੜ ਨੂੰ ਆਸ ਦੁਆਵਾਂ।"

– ਯਿਰਮਿਯਾਹ 29:11

"ਯਹੋਵਾਹ ਆਖਦਾ ਹੈ ਕਿ, ਮੈਂ ਤੁਹਾਡੇ ਨਾਲ ਪਿਆਰ ਕੀਤਾ ਹੈ. . .।" – ਮਲਾਕੀ 1:2

"ਜਿਵੇਂ ਪਿਤਾ ਆਪਣੇ ਬੱਚਿਆਂ ਦਾ ਤਰਸ ਖਾਂਦਾ ਹੈ, ਤਿਵੇਂ ਯਹੋਵਾਹ ਆਪਣੇ ਡਰਨ ਵਾਲਿਆਂ ਦਾ ਤਰਸ ਖਾਂਦਾ ਹੈ।" – ਜ਼ਬੂਰ 103:13

"ਵੇਖ, ਮੇਰੀ ਸ਼ਾਂਤੀ ਲਈ ਕੁੜੱਤਣ ਹੀ ਕੁੜੱਤਣ ਹੁੰਦੀ ਸੀ, ਪਰ ਤੈਂ ਪ੍ਰੇਮ ਨਾਲ ਮੇਰੀ ਜਾਨ ਨੂੰ ਨੇਸਤੀ ਦੇ ਟੋਏ ਤੋਂ ਛੁਡਾਇਆ ਹੈ, ਕਿਉਂ ਜੋ ਤੈਂ ਮੇਰੇ ਸਾਰੇ ਪਾਪਾਂ ਨੂੰ ਆਪਣੀ ਪਿੱਠ ਪਿੱਛੇ ਸੁੱਟ ਦਿੱਤਾ ਹੈ।"

– ਯਸਾਯਾਹ 38:17

"ਅਤੇ ਅਸਾਂ ਪਰਮੇਸ਼ਰ ਦੇ ਉਸ ਪ੍ਰੇਮ ਨੂੰ ਜੋ ਸਾਡੇ ਨਾਲ ਰੱਖਦਾ ਹੈ ਜਾਣਿਆ. . .ਅਸੀਂ ਪ੍ਰੇਮ ਕਰਦੇ ਹਾਂ ਇਸ ਲਈ ਜੋ ਪਹਿਲਾਂ ਉਹ ਨੇ ਸਾਡੇ ਨਾਲ ਪ੍ਰੇਮ ਕੀਤਾ।"

– 1 ਯੂਹੰਨਾ 4:16, 19

"ਯਹੋਵਾਹ ਤੇਰਾ ਪਰਮੇਸ਼ਰ ਤੇਰੇ ਵਿੱਚ ਹੈ, ਉਹ ਸਮਰੱਥੀ ਬਚਾਉਣ ਵਾਲਾ ਹੈ। ਉਹ ਅਨੰਦ ਨਾਲ ਤੇਰੇ ਉੱਤੇ ਖੁਸ਼ੀ ਕਰੇਗਾ, ਉਹ ਆਪਣਾ ਪ੍ਰੇਮ ਤਾਜ਼ਾ ਕਰੇਗਾ, ਉਹ ਤੇਰੇ ਕਾਰਨ ਜੈਕਾਰਿਆਂ ਨਾਲ ਨਿਹਾਲ ਹੋਵੇਗਾ।"

– ਸਫ਼ਨਯਾਹ 3:17

"ਹੇ ਪਰਮੇਸ਼ਰ, ਤੇਰੀ ਦਯਾ ਕਿੰਨੀ ਬਹੁੱਮੁਲੀ ਹੈ. . .।" – ਜ਼ਬੂਰ 36:7

# ਜੀਵਨ ਦੀ ਮਹੱਤਵਪੂਰਨ ਗੱਲ ਪਰਮੇਸ਼ੁਰ ਨੂੰ ਜਾਣਨਾ ਹੈ

". . . ਪਰ ਜਿਹੜੇ ਲੋਕ ਆਪਣੇ ਪਰਮੇਸ਼ਰ ਨੂੰ ਸਿਆਣਦੇ ਹਨ ਓਹ ਬਲਵਾਨ ਹੋਣਗੇ ਅਤੇ ਕੰਮ ਕਰਨਗੇ।" – ਦਾਨੀਏਲ 11:32

"ਪਰ ਜਿਹੜਾ ਮਾਣ ਕਰਦਾ ਹੈ ਉਹ ਏਸ ਉੱਤੇ ਮਾਣ ਕਰੇ ਭਈ ਉਹ ਮੈਨੂੰ ਸਮਝਦਾ ਹੈ ਅਤੇ ਜਾਣਦਾ ਹੈ ਕਿ ਮੈਂ ਯਹੋਵਾਹ ਹਾਂ ਜਿਹੜਾ ਧਰਤੀ ਉੱਤੇ ਦਯਾ, ਇਨਸਾਫ਼ ਅਤੇ ਧਰਮ ਦੇ ਕੰਮ ਕਰਦਾ ਹਾਂ ਕਿਉਂ ਜੋ ਮੇਰੀ ਖੁਸ਼ੀ ਉਨ੍ਹਾਂ ਵਿੱਚ ਹੈ, ਯਹੋਵਾਹ ਦਾ ਵਾਕ ਹੈ।" – ਯਿਰਮਿਯਾਹ 9:24

"ਧੰਨ ਓਹ ਹਨ ਜਿਹੜੇ ਉਹ ਦੀਆਂ ਸਾਖੀਆਂ ਨੂੰ ਮੰਨਦੇ, ਅਤੇ ਮਨੋਂ ਤਨੋਂ ਉਹ ਨੂੰ ਭਾਲਦੇ ਹਨ!" – ਜ਼ਬੂਰ 119:2

". . .ਮੈਂ ਤੁਹਾਡੇ ਅੱਗੇ ਜੀਵਨ ਅਤੇ ਮੌਤ, ਬਰਕਤ ਅਤੇ ਸਰਾਪ ਰੱਖਿਆ ਹੈ। ਏਸ ਲਈ ਜੀਵਨ ਨੂੰ ਚੁਣੋ ਤਾਂ ਜੋ ਤੁਸੀਂ ਅਤੇ ਤੁਹਾਡੀ ਅੰਸ ਜੀਉਂਦੇ ਰਹੋ। ਤੁਸੀਂ ਯਹੋਵਾਹ ਆਪਣੇ ਪਰਮੇਸ਼ਰ ਨਾਲ ਪ੍ਰੇਮ ਰੱਖੋ, ਉਸ ਦੀ ਅਵਾਜ਼ ਨੂੰ ਸੁਣੋ ਅਤੇ ਉਸ ਦੇ ਅੰਗ ਸੰਗ ਲੱਗੇ ਰਹੋ. . .।" – ਬਿਵਸਥਾ ਸਾਰ 30:19, 20

"ਮੈਂ ਦਯਾ ਚਾਹੁੰਦਾ ਹਾਂ, ਨਾ ਬਲੀਦਾਨ, ਅਤੇ ਪਰਮੇਸ਼ਰ ਦਾ ਗਿਆਨ ਹੋਮ ਬਲੀਆਂ ਨਾਲੋਂ ਵਧ ਕੇ।" – ਹੋਸ਼ੇਆ 6:6

"ਜਿਵੇਂ ਹਰਨੀ ਪਾਣੀ ਦੀਆਂ ਨਦੀਆਂ ਦੇ ਲਈ ਤਰਸਦੀ ਹੈ, ਤਿਵੇਂ ਹੀ ਮੇਰਾ ਜੀ, ਹੇ ਪਰਮੇਸ਼ਰ, ਤੇਰੇ ਲਈ ਤਰਸਦਾ ਹੈ।" – ਜ਼ਬੂਰ 42:1

"ਤਾਂ ਉਸ ਆਖਿਆ, ਮੇਰੀ ਹਜੂਰੀ ਤੇਰੇ ਸੰਗ ਜਾਵੇਗੀ ਅਤੇ ਮੈਂ ਤੈਨੂੰ ਵਿਸਰਾਮ ਦਿਆਂਗਾ।" – ਕੂਚ 33:14

"...ਯਹੋਵਾਹ ਤੁਹਾਡੇ ਨਾਲ ਹੈ ਜਦ ਤੀਕ ਤੁਸੀਂ ਉਸ ਦੇ ਨਾਲ ਹੋ। ਜੇ ਤੁਸੀਂ ਉਸ ਦੇ ਚਾਹਵੰਦ ਹੋ ਤਾਂ ਉਹ ਤੁਹਾਨੂੰ ਮਿਲੇਗਾ ਪਰ ਜੇ ਤੁਸੀਂ ਉਸ ਨੂੰ ਛੱਡ ਦਿਓ ਤਾਂ ਉਹ ਤੁਹਾਨੂੰ ਛੱਡ ਦੇਵੇਗਾ।" – 2 ਇਤਹਾਸ 15:2

"ਦਿਲ ਸਭ ਚੀਜ਼ਾਂ ਨਾਲੋਂ ਧੋਖੇਬਾਜ਼ ਹੈ, ਉਹ ਪੁੱਜ ਕੇ ਖਰਾਬ ਹੈ, ਉਹ ਨੂੰ ਕੌਣ ਜਾਣ ਸੱਕਦਾ ਹੈ?"
– ਯਿਰਮਿਯਾਹ 17:9

"ਇੱਕ ਅਜਿਹਾ ਰਾਹ ਹੈ ਜੋ ਮਨੁੱਖ ਨੂੰ ਸਿੱਧਾ ਜਾਪਦਾ ਹੈ, ਪਰ ਉਹ ਦੇ ਅੰਤ ਵਿੱਚ ਮੌਤ ਦੇ ਰਾਹ ਹਨ।"
– ਕਹਾਉਤਾਂ 16:25

"ਕਿਉਂਕਿ ਜਦੋਂ ਪਰਮੇਸ਼ੁਰ ਨੇ ਦੂਤਾਂ ਨੂੰ ਜਿਸ ਵੇਲੇ ਉਨ੍ਹਾਂ ਪਾਪ ਕੀਤਾ ਨਾ ਛੱਡਿਆ ਸਗੋਂ ਓਹਨਾਂ ਨੂੰ ਨਰਕ ਵਿੱਚ ਸੁੱਟ ਕੇ ਅੰਧਕੂਪਾਂ ਵਿੱਚ ਪਾ ਦਿੱਤਾ ਭਈ ਨਿਆਉਂ ਦੇ ਲਈ ਕਾਬੂ ਰਹਿਣ। ਤਾਂ ਪ੍ਰਭੂ ਭਗਤਾਂ ਨੂੰ ਪਰਤਾਵੇ ਵਿੱਚੋਂ ਕੱਢਣਾ ਅਤੇ ਕੁਧਰਮੀਆਂ ਨੂੰ ਨਿਆਉਂ ਦੇ ਦਿਨ ਤੀਕ ਸਜ਼ਾ ਹੇਠ ਰੱਖਣਾ ਜਾਣਦਾ ਹੈ!"
– 2 ਪਤਰਸ 2:4, 9

"ਪਰ ਜੇ ਤੁਸੀਂ ਯਹੋਵਾਹ ਦਾ ਬਚਨ ਨਾ ਮੰਨੋਗੇ ਅਤੇ ਯਹੋਵਾਹ ਦੀਆਂ ਆਗਿਆਂ ਦੇ ਵਿਰੁੱਧ ਕਰੋਗੇ ਤਾਂ ਯਹੋਵਾਹ ਦਾ ਹੱਥ ਤੁਹਾਡੇ ਵਿਰੁੱਧ ਹੋਵੇਗਾ ਜਿਵੇਂ ਤੁਹਾਡੇ ਪਿਉ ਦਾਦਿਆਂ ਦੇ ਵਿਰੁੱਧ ਹੁੰਦਾ ਸੀ।"
– 1 ਸਮੂਏਲ 12:15

"ਤੁਸਾਂ ਮੈਨੂੰ ਨਹੀਂ ਚੁਣਿਆ ਪਰ ਮੈਂ ਤੁਹਾਨੂੰ ਚੁਣਿਆ ਅਤੇ ਤੁਹਾਨੂੰ ਠਹਿਰਾਇਆ ਸੀ ਜੋ ਤੁਸੀਂ ਜਾ ਕੇ ਫਲਦਾਰ ਹੋਵੋ ਅਤੇ ਤੁਹਾਡਾ ਫਲ ਕਾਇਮ ਰਹੇ ਤਾਂ ਜੋ ਤੁਸੀਂ ਮੇਰਾ ਨਾਮ ਲੈ ਕੇ ਜੋ ਕੁਝ ਪਿਤਾ ਤੋਂ ਮੰਗੋ ਸੋ ਉਹ ਤੁਹਾਨੂੰ ਦੇਵੇ।" – ਯੂਹੰਨਾ 15:6

"ਪਰ ਅਪਰਾਧੀ ਇਕੱਠੇ ਹੀ ਨਾਸ ਹੋ ਜਾਣਗੇ, ਦੁਸ਼ਟਾਂ ਦੀ ਅੰਸ ਛੇਕੀ ਜਾਵੇਗੀ!" – ਜ਼ਬੂਰ 37:38

# ਪਰਮੇਸ਼ੁਰ ਨੂੰ ਜਾਣਨ ਲਈ ਸਾਨੂੰ ਉਸ ਨੂੰ ਭਾਲਣਾ ਹੋਵੇਗਾ

"ਤੁਸੀਂ ਮੈਨੂੰ ਭਾਲੋਗੇ ਅਤੇ ਲੱਭੋਗੇ, ਜਦ ਤੁਸੀਂ ਆਪਣੇ ਸਾਰੇ ਦਿਲ ਨਾਲ ਮੈਨੂੰ ਭਾਲੋਗੇ।"
– ਯਿਰਮਿਯਾਹ 29:13

"ਜੇ ਤੂੰ ਚਾਂਦੀ ਵਾਂਙੁ ਉਹ ਦੀ ਭਾਲ ਕਰੇਂ, ਅਤੇ ਗੁਪਤ ਧਨ ਵਾਂਙੁ ਉਹ ਦੀ ਖੋਜ ਕਰੇਂ, ਤਾਂ ਤੂੰ ਯਹੋਵਾਹ ਦੇ ਭੈ ਨੂੰ ਸਮਝੇਂਗਾ, ਅਤੇ ਪਰਮੇਸ਼ਰ ਦੇ ਗਿਆਨ ਨੂੰ ਪ੍ਰਾਪਤ ਕਰੇਂਗਾ।" – ਕਹਾਉਤਾਂ 2:4, 5

"ਮੰਗੋ ਤਾਂ ਤੁਹਾਨੂੰ ਦਿੱਤਾ ਜਾਵੇਗਾ। ਢੂੰਢੋ ਤਾਂ ਤੁਹਾਨੂੰ ਲੱਭੇਗਾ। ਖੜਕਾਓ ਤਾਂ ਤੁਹਾਡੇ ਲਈ ਖੋਲ੍ਹਿਆ ਜਾਵੇਗਾ।" – ਮੱਤੀ 7:7

"ਅਤੇ ਨਿਹਚਾ ਬਾਝੋਂ ਉਹ ਦੇ ਮਨ ਨੂੰ ਭਾਉਣਾ ਅਣਹੋਣਾ ਹੈ ਕਿਉਂਕਿ ਜਿਹੜਾ ਪਰਮੇਸ਼ੁਰ ਦੀ ਵੱਲ ਆਉਂਦਾ ਹੈ ਉਹ ਨੂੰ ਪਰਤੀਤ ਕਰਨੀ ਚਾਹੀਦੀ ਹੈ ਭਈ ਉਹ ਹੈ, ਨਾਲੇ ਇਹ ਭਈ ਉਹ ਆਪਣਿਆਂ ਤਾਲਿਬਾਂ ਦਾ ਫਲ-ਦਾਤਾ ਹੈ।"
– ਇਬਰਾਨੀਆਂ 11:6

"ਜਿਹੜੇ ਮੇਰੇ ਨਾਲ ਪ੍ਰੀਤ ਲਾਉਂਦੇ ਹਨ ਉਨ੍ਹਾਂ ਨਾਲ ਮੈਂ ਵੀ ਪ੍ਰੀਤ ਲਾਉਂਦੀ ਹਾਂ, ਅਤੇ ਜਿਹੜੇ ਮਨੋਂ ਲਾ ਕੇ ਮੈਨੂੰ ਭਾਲਦੇ ਹਨ ਓਹ ਮੈਨੂੰ ਲੱਭ ਲੈਣਗੇ।"
– ਕਹਾਉਤਾਂ 8:17

"ਯਹੋਵਾਹ ਉਹ ਦੇ ਲਈ ਭਲਾ ਹੈ ਜਿਹੜਾ ਉਸ ਨੂੰ ਉਡੀਕਦਾ ਹੈ, ਉਸ ਜਾਨ ਲਈ ਜਿਹੜੀ ਉਸ ਦੀ ਤਾਲਿਬ ਹੈ।" – ਵਿਰਲਾਪ 3:25

"ਅਤੇ ਉਸ ਨੇ ਮਨੁੱਖਾਂ ਦੀ ਹਰੇਕ ਕੌਮ ਨੂੰ ਸਾਰੀ ਧਰਤੀ ਉੱਤੇ ਵੱਸਣ ਲਈ ਬਣਾਈਆਂ. . . ਭਈ ਓਹ ਪਰਮੇਸ਼ੁਰ ਨੂੰ ਭਾਲਣ ਕੀ ਜਾਣੀਏ ਉਸ ਨੂੰ ਟੋਹ ਕੇ ਲੱਭ ਲੈਣ ਭਾਵੇਂ ਉਹ ਸਾਡੇ ਵਿੱਚੋਂ ਕਿਸੇ ਤੋਂ ਦੂਰ ਨਹੀਂ।"
– ਕਹਾਉਤਾਂ 17:26, 27

"... ਅਤੇ ਏਸ ਦੇਸ ਵਿੱਚ ਫੇਰ ਮੁੜ ਆਉਣਗੇ ਕਿਉਂ ਜੋ ਯਹੋਵਾਹ ਤੁਹਾਡਾ ਪਰਮੇਸ਼ਰ ਦਿਆਲੂ ਤੇ ਕਿਰਪਾਲੂ ਹੈ, ਉਹ ਆਪਣਾ ਮੂੰਹ ਤੁਹਾਥੋਂ ਨਹੀਂ ਫੇਰੇਗਾ ਜੇ ਤੁਸੀਂ ਉਹ ਦੀ ਵੱਲ ਮੁੜੋ।" – 2 ਇਤਹਾਸ 30:9

"ਹੇ ਪ੍ਰਭੂ, ਤੂੰ ਭਲਾ ਤੇ ਦਯਾਲੂ ਹੈਂ, ਅਤੇ ਆਪਣੇ ਸਾਰੇ ਪੁਕਾਰਨ ਵਾਲਿਆਂ ਲਈ ਅੱਤ ਕਿਰਪਾਲੂ ਹੈਂ।"
– ਜ਼ਬੂਰ 86:5

"ਪਰਮੇਸ਼ੁਰ ਦੇ ਨੇੜੇ ਆਉ, ਤਾਂ, ਉਹ ਵੀ ਤੁਹਾਡੇ ਨੇੜੇ ਆਵੇਗਾ।" – ਯਾਕੂਬ 4:8

"ਯਹੋਵਾਹ ਉਨ੍ਹਾਂ ਸਭਨਾਂ ਦੇ ਨੇੜੇ ਹੈ ਜਿਹੜੇ ਉਹ ਨੂੰ ਪੁਕਾਰਦੇ ਹਨ, ਹਾਂ, ਉਨ੍ਹਾਂ ਸਭਨਾਂ ਦੇ ਜਿਹੜੇ ਸਚਿਆਈ ਨਾਲ ਪੁਕਾਰਦੇ ਹਨ।"
– ਜ਼ਬੂਰ 145:18

"ਆਓ, ਅਸੀਂ ਸਲਾਹ ਕਰੀਏ, ਯਹੋਵਾਹ ਆਖਦਾ ਹੈ, ਭਾਵੇਂ ਤੁਹਾਡੇ ਪਾਪ ਕਿਰਮਚ ਜੇਹੇ ਹੋਣ, ਓਹ ਬਰਫ ਜੇਹੇ ਚਿੱਟੇ ਹੋ ਜਾਣਗੇ, ਭਾਵੇਂ ਓਹ ਮਜੀਠ ਜੇਹੇ ਲਾਲ ਹੋਣ, ਓਹ ਉੱਨ ਜੇਹੇ ਹੋ ਜਾਣਗੇ।"
– ਯਸਾਯਾਹ 1:18

"ਹੇ ਸਾਰੇ ਥੱਕੇ ਹੋਇਓ ਅਤੇ ਭਾਰ ਹੇਠ ਦੱਬੇ ਹੋਇਓ, ਮੇਰੇ ਕੋਲ ਆਓ ਤਾਂ ਮੈਂ ਤੁਹਾਨੂੰ ਅਰਾਮ ਦਿਆਂਗਾ। ਮੇਰਾ ਜੂਲਾ ਆਪਣੇ ਉੱਤੇ ਲੈ ਲਵੋ ਅਤੇ ਮੈਥੋਂ ਸਿੱਖੋ ਕਿਉਂ ਜੋ ਮੈਂ ਕੋਮਲ ਅਤੇ ਮਨ ਦਾ ਗ਼ਰੀਬ ਹਾਂ ਅਤੇ ਤੁਸੀਂ ਆਪਣਿਆਂ ਜੀਆਂ ਵਿੱਚ ਅਰਾਮ ਪਾਓਗੇ।"
– ਮੱਤੀ 11:28, 29

"... ਜੋ ਮੇਰੇ ਕੋਲ ਆਵੇਗਾ ਅਤੇ ਜੋ ਮੇਰੇ ਕੋਲ ਆਉਂਦਾ ਹੈ ਮੈਂ ਕਦੇ ਵੀ ਉਹ ਨੂੰ ਕੱਢ ਨਾ ਦਿਆਂਗਾ।"
– ਯੂਹੰਨਾ 6:37

" ਓਏ, ਹਰੇਕ ਜੋ ਤਿਹਾਇਆ ਹੈ, ਤੁਸੀਂ ਪਾਣੀ ਲਈ ਆਓ, ਅਤੇ ਜਿਹ ਦੇ ਕੋਲ ਚਾਂਦੀ ਨਹੀਂ, ਤੁਸੀਂ ਆਓ, ਲੈ ਲਓ ਅਤੇ ਖਾ ਲਓ, ਆਓ, ਬਿਨਾ ਚਾਂਦੀ, ਬਿਨਾ ਮੁੱਲ ਮਧ ਤੇ ਦੁੱਧ ਲੈ ਲਓ!" – ਯਸਾਯਾਹ 55:1

# ਪਰਮੇਸ਼ੁਰ ਪਵਿੱਤਰ ਹੈ

"ਕੌਣ ਹੈ ਤੇਰੇ ਵਰਗਾ ਹੇ ਯਹੋਵਾਹ ਦੇਵਤਿਆਂ ਵਿੱਚ? . . . ਅਤੇ ਅਚਰਜ ਕੰਮਾਂ ਵਾਲਾ?" – ਕੂਚ 15:11

"ਯਹੋਵਾਹ ਜਿਹਾ ਪਵਿੱਤਰ ਕੋਈ ਨਹੀਂ, ਤੇਰੇ ਬਿਨਾ ਕੋਈ।" – 1 ਸਮੂਏਲ 2:2

". . . ਪਰਮੇਸ਼ਰ ਤੋਂ ਦੂਰ ਹੋਵੇ ਕਿ ਉਹ ਦੁਸ਼ਟਪੁਣਾ ਕਰੇ, ਨਾਲੇ ਸਰਬ ਸ਼ਕਤੀਮਾਨ ਤੋਂ ਕਿ ਉਹ ਬੁਰਿਆਈ ਕਰੇ!" – ਅੱਯੂਬ 34:10

". . .ਪਵਿੱਤਰ, ਪਵਿੱਤਰ, ਪਵਿੱਤਰ ਸੈਨਾਂ ਦਾ ਯਹੋਵਾਹ, ਸਾਰੀ ਧਰਤੀ ਉਹ ਦੇ ਪਰਤਾਪ ਨਾਲ ਭਰੀ ਹੋਈ ਹੈ।" – ਯਸਾਯਾਹ 6:3

"ਮਹਾਨ ਅਤੇ ਉੱਤਮ ਪੁਰਖ ਜੋ ਸਦਾ ਕਾਇਮ ਹੈ, ਜਿਸ ਦਾ ਨਾਮ ਪਵਿੱਤਰ ਹੈ, ਇਉਂ ਆਖਦਾ ਹੈ, ਮੈਂ ਉੱਚੇ ਅਤੇ ਪਵਿੱਤਰ ਅਸਥਾਨ ਵਿੱਚ ਵੱਸਦਾ ਹਾਂ. . .।" – ਯਸਾਯਾਹ 57:15

"ਸਤ ਕੋਈ ਨਹੀਂ ਪਰ ਨਿਰਾ ਇੱਕੋ ਪਰਮੇਸ਼ਰ।" – ਮਰਕੁਸ 10:18

"ਹੇ ਪ੍ਰਭੂ, ਕੌਣ ਤੈਥੋਂ ਨਾ ਡਰੇਗਾ ਅਤੇ ਤੇਰੇ ਨਾਮ ਦੀ ਮਹਿਮਾ ਨਾ ਕਰੇਗਾ? ਤੂੰ ਹੀ ਤਾਂ ਇਕੱਲਾ ਪਵਿੱਤਰ ਹੈਂ।" – ਪਰਕਾਸ਼ 15:4

"ਓਹ ਤੇਰੇ ਵੱਡੇ ਅਤੇ ਭਿਆਣਕ ਨਾਮ ਨੂੰ ਸਲਾਹੁਣ, ਉਹ ਪਵਿੱਤਰ ਹੈ।" – ਜ਼ਬੂਰ 99:3

"ਯਹੋਵਾਹ ਸਾਡੇ ਪਰਮੇਸ਼ਰ ਦੀ ਬਜ਼ੁਰਗੀ ਕਰੋ, ਅਤੇ ਉਹ ਦੇ ਪਵਿੱਤਰ ਪਹਾੜ ਉੱਤੇ ਮੱਥਾ ਟੇਕੋ, ਕਿਉਂ ਜੋ ਯਹੋਵਾਹ ਸਾਡਾ ਪਰਮੇਸ਼ਰ ਪਵਿੱਤਰ ਹੈ।" – ਜ਼ਬੂਰ 99:9

". . . ਪਵਿੱਤਰ, ਪਵਿੱਤਰ, ਪਵਿੱਤਰ ਹੈ ਪ੍ਰਭੂ ਪਰਮੇਸ਼ਰ, ਸਰਬ ਸ਼ਕਤੀਮਾਨ, ਜਿਹੜਾ ਹੈਸੀ ਅਤੇ ਹੈ ਅਤੇ ਆਉਣ ਵਾਲਾ ਹੈ!" – ਪਰਕਾਸ਼ 4:8

"ਤੂੰ ਨਿਹਚਾ ਰੱਖਦਾ ਹੈਂ ਜੋ ਪਰਮੇਸ਼ਰ ਇੱਕੋ ਹੈ। ਇਹ ਤੂੰ ਅੱਛਾ ਕਰਦਾ ਹੈਂ। ਭੂਤ ਇਹੋ ਨਿਹਚਾ ਕਰਦੇ ਹਨ ਅਤੇ ਕੰਬਦੇ ਹਨ। ਪਰ ਹੇ ਨਿਕੰਮਿਆ ਮਨੁੱਖਾ, ਕੀ ਤੂੰ ਇਹ ਜਾਣਿਆ ਚਾਹੁੰਦਾ ਹੈਂ ਭਈ ਅਮਲਾਂ ਬਾਝੋਂ ਨਿਹਚਾ ਅਕਾਰਥ ਹੈ? ਪਰ ਬਚਨ ਉੱਤੇ ਅਮਲ ਕਰਨ ਵਾਲੇ ਹੋਵੋ ਅਤੇ ਆਪਣੇ ਆਪ ਨੂੰ ਧੋਖਾ ਦੇ ਕੇ ਨਿਰੇ ਸੁਣਨ ਵਾਲੇ ਹੀ ਨਾ ਹੋਵੋ।"
– ਯਾਕੂਬ 2:19, 20; 1:22

"ਦੁਸ਼ਟ ਦੀ ਚਾਲ ਤੋਂ ਯਹੋਵਾਹ ਨੂੰ ਘਿਣ ਆਉਂਦੀ ਹੈ ਪਰ ਧਰਮ ਦਾ ਪਿੱਛਾ ਕਰਨ ਵਾਲੇ ਨਾਲ ਉਹ ਪ੍ਰੇਮ ਰੱਖਦਾ ਹੈ।" – ਕਹਾਉਤਾਂ 15:9

"ਉਹ ਜਿਹੜਾ ਆਖਦਾ ਹੈ ਭਈ ਮੈਂ ਉਹ ਨੂੰ ਜਾਣਿਆ ਹੈ ਅਤੇ ਉਹ ਦੇ ਹੁਕਮਾਂ ਦੀ ਪਾਲਨਾ ਨਹੀਂ ਕਰਦਾ ਸੋ ਝੂਠਾ ਹੈ ਅਤੇ ਸਚਿਆਈ ਉਹ ਦੇ ਵਿੱਚ ਹੈ ਨਹੀਂ। . . .ਇਸ ਤੋਂ ਪਰਮੇਸ਼ਰ ਦੇ ਬਾਲਕ ਅਤੇ ਸ਼ਤਾਨ ਦੇ ਬਾਲਕ ਪਰਗਟ ਹੁੰਦੇ ਹਨ। ਹਰ ਕੋਈ ਜਿਹੜਾ ਧਰਮ ਨਹੀਂ ਕਰਦਾ ਪਰਮੇਸ਼ਰ ਤੋਂ ਨਹੀਂ ਅਤੇ ਨਾ ਉਹ ਜਿਹੜਾ ਆਪਣੇ ਭਰਾ ਨਾਲ ਪ੍ਰੇਮ ਨਹੀਂ ਰੱਖਦਾ ਹੈ।"
– 1 ਯੂਹੰਨਾ 2:4, 3:10

"ਸਭਨਾਂ ਨਾਲ ਮੇਲ ਰੱਖਣ ਦਾ ਪਿੱਛਾ ਕਰੋ ਅਤੇ ਪਵਿੱਤਰਤਾਈ ਦਾ ਜਿਹ ਦੇ ਬਿਨਾ ਕੋਈ ਪ੍ਰਭੂ ਨੂੰ ਨਾ ਵੇਖੇਗਾ।" – ਇਬਰਾਨੀਆਂ 12:14

"ਸਗੋਂ ਜਿਵੇਂ ਤੁਹਾਡਾ ਸੱਦਣ ਵਾਲਾ ਪਵਿੱਤਰ ਹੈ ਤੁਸੀਂ ਆਪ ਭੀ ਤਿਵੇਂ ਹੀ ਆਪਣੀ ਸਾਰੀ ਚਾਲ ਵਿੱਚ ਪਵਿੱਤਰ ਬਣੋ।" – 1 ਪਤਰਸ 1:15

"ਭਲਾ ਭਾਲੋ, ਨਾ ਕਿ ਬੁਰਾ, ਤਾਂ ਜੋ ਤੁਸੀਂ ਜੀਉਂਦੇ ਰਹੋ, ਅਤੇ ਇਉਂ ਯਹੋਵਾਹ ਸੈਨਾਂ ਦਾ ਪਰਮੇਸ਼ਰ ਤੁਹਾਡੇ ਅੰਗ ਸੰਗ ਹੋਵੇਗਾ. . .।" – ਆਮੋਸ 5:14

". . . ਯਹੋਵਾਹ ਦੇ ਪਹਾੜ ਉੱਤੇ ਕੌਣ ਚੜ੍ਹੇਗਾ, ਅਤੇ ਉਸ ਦੇ ਪਵਿੱਤਰ ਅਸਥਾਨ ਵਿੱਚ ਕੌਣ ਖੜਾ ਹੋਵੇਗਾ . . .ਜਿਸ ਦੇ ਹੱਥ ਪਾਕ ਅਤੇ ਮਨ ਪਵਿੱਤਰ ਹੈ. . .।"
– ਜ਼ਬੂਰ 24:3, 5

# ਉਹ ਗੱਲਾਂ ਜਿਨ੍ਹਾਂ ਦਾ ਪਰਮੇਸ਼ੁਰ ਹੁਕਮ ਦਿੰਦਾ ਹੈ

“. . . ਅਤੇ ਯਹੋਵਾਹ ਤੈਥੋਂ ਹੋਰ ਕੀ ਮੰਗਦਾ ਪਰ ਏਹ ਕਿ ਤੂੰ ਇਨਸਾਫ਼ ਕਰ, ਦਯਾ ਨਾਲ ਪ੍ਰੇਮ ਰੱਖ, ਅਤੇ ਅਧੀਨ ਹੋ ਕੇ ਆਪਣੇ ਪਰਮੇਸ਼ਰ ਨਾਲ ਚੱਲ?”
– ਮੀਕਾਹ 6:8

“. . . ਤੁਸੀਂ ਪਵਿੱਤਰ ਹੋਵੋ ਕਿਉਂ ਜੋ ਮੈਂ ਯਹੋਵਾਹ ਤੁਹਾਡਾ ਪਰਮੇਸ਼ਰ ਪਵਿੱਤਰ ਹਾਂ।” – ਲੇਵੀਆਂ 19:2

“. . . ਤੂੰ ਪ੍ਰਭੂ ਆਪਣੇ ਪਰਮੇਸ਼ਰ ਨੂੰ ਆਪਣੇ ਸਾਰੇ ਦਿਲ ਨਾਲ ਅਤੇ ਆਪਣੀ ਸਾਰੀ ਜਾਨ ਨਾਲ ਅਤੇ ਆਪਣੀ ਸਾਰੀ ਸ਼ਕਤੀ ਨਾਲ ਅਤੇ ਆਪਣੀ ਸਾਰੀ ਬੁੱਧ ਨਾਲ ਪਿਆਰ ਕਰ ਅਰ ਆਪਣੇ ਗੁਆਂਢੀ ਨੂੰ ਆਪਣੇ ਜਿਹਾ।”
– ਲੂਕਾ 10:27

“ਤੂੰ ਹੁਕਮਾਂ ਨੂੰ ਜਾਣਦਾ ਹੈਂ–ਖ਼ੂਨ ਨਾ ਕਰ, ਜ਼ਨਾਹ ਨਾ ਕਰ, ਚੋਰੀ ਨਾ ਕਰ, ਝੂਠੀ ਗਵਾਹੀ ਨਾ ਦਿਹ, ਠੱਗੀ ਨਾ ਕਰ, ਆਪਣੇ ਮਾਂ ਪਿਉ ਦਾ ਆਦਰ ਕਰ।”
– ਮਰਕੁਸ 10:19

“ਅਤੇ ਇਸ ਜੁੱਗ ਦੇ ਰੂਪ ਜੇਹੇ ਨਾ ਬਣੋ ਸਗੋਂ ਆਪਣੀ ਬੁੱਧ ਦੇ ਨਵੇਂ ਹੋਣ ਕਰਕੇ ਹੋਰ ਸਰੂਪ ਵਿੱਚ ਬਦਲਦੇ ਜਾਓ. . .।”
– ਰੋਮੀਆਂ 12:2

“ਏਹ ਬਿਵਸਥਾ ਦੀ ਪੋਥੀ ਤੇਰੇ ਮੂੰਹ ਤੋਂ ਕਦੀ ਵੱਖਰੀ ਨਾ ਹੋਵੇ ਸਗੋਂ ਤੂੰ ਦਿਨ ਰਾਤ ਉਸ ਉੱਤੇ ਧਿਆਨ ਰੱਖ ਤਾਂ ਜੋ ਤੂੰ ਉਸ ਸਾਰੇ ਦੇ ਅਨੁਸਾਰ ਜੋ ਉਸ ਵਿੱਚ ਲਿਖਿਆ ਹੈ ਚੱਲੇਂ ਤੇ ਉਸ ਨੂੰ ਪੂਰਾ ਕਰੇਂ ਤਾਂ ਤੂੰ ਆਪਣੇ ਮਾਰਗ ਨੂੰ ਸੁਫਲ ਬਣਾਵੇਂਗਾ ਅਤੇ ਤੇਰਾ ਬੋਲ ਬਾਲਾ ਹੋਵੇਗਾ।”
– ਯਹੋਸ਼ੁਆ 1:8

“. . .ਪਰਮੇਸ਼ੁਰ ਤੇ ਵਿਸ਼ਵਾਸ ਰੱਖੋ. . .।”
– ਮਰਕੁਸ 11:22

“ਅਤੇ ਤੁਸੀਂ ਆਪਣੇ ਪਰਮੇਸ਼ੁਰ ਯਹੋਵਾਹ ਦੀ ਉਪਾਸਨਾ ਕਰੋ. . .।”
– ਕੂਚ 23:25

"ਛੀਆਂ ਵਸਤਾਂ ਨਾਲ ਯਹੋਵਾਹ ਵੈਰ ਰੱਖਦਾ ਹੈ, ਸਗੋਂ ਸੱਤ ਹਨ ਜਿਹੜੀਆਂ ਉਹ ਦੇ ਜੀ ਨੂੰ ਘਿਣਾਉਣੀਆਂ ਲਗਦੀਆਂ ਹਨ, ਝੂਠਾ ਗਵਾਹ ਜਿਹੜਾ ਝੂਠ ਮਾਰਦਾ ਹੈ, ਅਤੇ ਭਾਈਆਂ ਵਿੱਚ ਝਗੜਾ ਪਾਉਣ ਵਾਲਾ। ਉੱਚੀਆਂ ਅੱਖਾਂ, ਝੂਠੀ ਜੀਭ, ਅਤੇ ਬੇਦੋਸ਼ੇ ਦਾ ਖ਼ੂਨ ਕਰਨ ਵਾਲੇ ਹੱਥ, ਉਹ ਮਨ ਜਿਹੜਾ ਖੋਟੀਆਂ ਜੁਗਤਾਂ ਕਰਦਾ ਹੈ, ਓਹ ਪੈਰ ਜਿਹੜੇ ਬੁਰਿਆਈ ਕਰਨ ਨੂੰ ਫੁਰਤੀ ਨਾਲ ਭੱਜਦੇ ਹਨ, ਝੂਠਾ ਗਵਾਹ ਜਿਹੜਾ ਝੂਠ ਮਾਰਦਾ ਹੈ, ਅਤੇ ਭਾਈਆਂ ਵਿੱਚ ਝਗੜਾ ਪਾਉਣ ਵਾਲਾ।" – ਕਹਾਉਤਾਂ 6:16-19

"ਮੈਂ ਯਹੋਵਾਹ ਇਨਸਾਫ਼ ਨੂੰ ਤਾਂ ਪਿਆਰ ਕਰਦਾ ਹਾਂ, ਲੁੱਟ ਤੋਂ ਬੁਰਿਆਈ ਸਣੇ ਘਿਣ ਕਰਦਾ ਹਾਂ. . .।"
– ਯਸਾਯਾਹ 61:8

"ਪਰ ਡਰਾਕਲਾਂ, ਬੇ ਪਰਤੀਤਿਆਂ, ਘਿਣਾਉਣਿਆਂ, ਖ਼ੂਨੀਆਂ, ਹਰਾਮਕਾਰਾਂ, ਜਾਦੂਗਰਾਂ, ਮੂਰਤੀ ਪੂਜਕਾਂ ਅਤੇ ਸਾਰਿਆਂ ਝੂਠਿਆਂ ਦਾ ਹਿੱਸਾ ਓਸ ਝੀਲ ਵਿੱਚ ਹੋਵੇਗਾ ਜਿਹੜੀ ਅੱਗ ਅਤੇ ਗੰਧਕ ਨਾਲ ਬਲਦੀ ਹੈ! ਇਹ ਦੂਈ ਮੌਤ ਹੈ।" – ਪਰਕਾਸ਼ 21:8

". . . ਸੋ ਤੁਸੀਂ ਆਪਣਿਆਂ ਆਤਮਿਆਂ ਵਿੱਚ ਖ਼ਬਰਦਾਰ ਰਹੋ ਅਤੇ ਤੂੰ ਆਪਣੀ ਜੁਆਨੀ ਦੀ ਇਸਤਰੀ ਦੀ ਬੇਪਰਤੀਤੀ ਨਾ ਕਰ। ਕਿਉਂ ਜੋ ਯਹੋਵਾਹ ਇਸਰਾਏਲ ਦਾ ਪਰਮੇਸ਼ਰ ਆਖਦਾ ਹੈ, ਮੈਨੂੰ ਤਿਆਗ ਪੱਤ੍ਰ ਤੋਂ ਘਿਣ ਆਉਂਦੀ ਹੈ . . .।"
– ਮਲਾਕੀ 2:15, 16

"ਤੁਹਾਡੇ ਵਿੱਚੋਂ ਕੋਈ ਆਪਣੇ ਗੁਆਂਢੀ ਦੇ ਵਿਰੁੱਧ ਆਪਣੇ ਦਿਲ ਵਿੱਚ ਬੁਰਿਆਈ ਦਾ ਮਤਾ ਨਾ ਪਕਾਵੇ ਅਤੇ ਨਾ ਕੋਈ ਝੂਠੀ ਸੌਂਹ ਨਾਲ ਪਿਆਰ ਕਰੇ ਕਿਉਂ ਜੋ ਏਹਨਾਂ ਸਾਰੀਆਂ ਗੱਲਾਂ ਤੋਂ ਮੈਂ ਘਿਣ ਕਰਦਾ ਹਾਂ, ਯਹੋਵਾਹ ਦਾ ਵਾਕ ਹੈ।" – ਜ਼ਕਰਯਾਹ 8:17

". . . ਤੁਸੀਂ ਉਹੋ ਹੋ ਜਿਹੜੇ ਮਨੁੱਖਾਂ ਦੇ ਅੱਗੇ ਆਪਣੇ ਆਪ ਨੂੰ ਧਰਮੀ ਠਹਿਰਾਉਂਦੇ ਹੋ ਪਰ ਪਰਮੇਸ਼ਰ ਤੁਹਾਡੇ ਦਿਲਾਂ ਨੂੰ ਜਾਣਦਾ ਹੈ ਕਿਉਂਕਿ ਜੋ ਮਨੁੱਖਾਂ ਦੇ ਲੇਖੇ ਉੱਤਮ ਹੈ ਸੋ ਪਰਮੇਸ਼ਰ ਦੀ ਦਰਗਾਹੇ ਘਿਣਾਉਣਾ ਹੈ।" – ਲੂਕਾ 16:15

# ਲੋਕ ਪਰਮੇਸ਼ੁਰ ਦੀਆਂ ਆਗਿਆਵਾਂ ਨੂੰ ਪੂਰਾ ਨਹੀਂ ਕਰ ਪਾਉਂਦੇ

"ਪਰ ਮੈਂ ਤੁਹਾਨੂੰ ਜਾਣਦਾ ਹਾਂ ਜੋ ਪਰਮੇਸ਼ਰ ਦਾ ਪ੍ਰੇਮ ਤੁਹਾਡੇ ਵਿੱਚ ਹੈ ਨਹੀਂ।" – ਯੂਹੰਨਾ 5:42

"ਜੋ ਕੋਈ ਸਾਰੀ ਸ਼ਰਾ ਦੀ ਪਾਲਨਾ ਕਰੇ ਪਰ ਇੱਕ ਗੱਲ ਵਿੱਚ ਭੁੱਲ ਜਾਵੇ ਉਹ ਸਭਨਾਂ ਵਿੱਚ ਦੋਸ਼ੀ ਹੋਇਆ।" – ਯਾਕੂਬ 2:10

"ਤਦ ਮੈਂ ਆਖਿਆ, ਹਾਇ ਮੇਰੇ ਉੱਤੇ! ਮੈਂ ਤਾਂ ਬੱਸ ਹੋ ਗਿਆ! ਮੈਂ ਜੋ ਭਰਿਸ਼ਟ ਬੁੱਲ੍ਹਾਂ ਵਾਲਾ ਹਾਂ, ਅਤੇ ਭਰਿਸ਼ਟ ਬੁੱਲ੍ਹਾਂ ਵਾਲੇ ਲੋਕਾਂ ਵਿੱਚ ਵੱਸਦਾ ਹਾਂ! ਕਿਉਂ ਜੋ ਮੇਰੀਆਂ ਅੱਖਾਂ ਨੇ ਸੈਨਾਂ ਦੇ ਯਹੋਵਾਹ ਅਧੀਰਾਜ ਨੂੰ ਡਿੱਠਾ ਹੈ!" – ਯਸਾਯਾਹ 6:5

"ਸੋ ਜੋ ਕੋਈ ਭਲਾ ਕਰਨਾ ਜਾਣਦਾ ਹੈ ਅਤੇ ਨਹੀਂ ਕਰਦਾ, ਏਹ ਉਹ ਦੇ ਲਈ ਪਾਪ ਹੈ।" – ਯਾਕੂਬ 4:17

"ਜਿਵੇਂ ਲਿਖਿਆ ਹੋਇਆ ਹੈ,-ਕੋਈ ਧਰਮੀ ਨਹੀਂ, ਇੱਕ ਵੀ ਨਹੀਂ. . .।" – ਰੋਮੀਆਂ 3:10

"ਕਿਉਂਕਿ ਸਭਨਾਂ ਨੇ ਪਾਪ ਕੀਤਾ ਅਤੇ ਪਰਮੇਸ਼ਰ ਦੇ ਪਰਤਾਪ ਤੋਂ ਰਹਿ ਗਏ ਹਨ।" – ਰੋਮੀਆਂ 3:23

"ਇਸ ਤੋਂ ਪਰਮੇਸ਼ਰ ਦੇ ਬਾਲਕ ਅਤੇ ਸ਼ਤਾਨ ਦੇ ਬਾਲਕ ਪਰਗਟ ਹੁੰਦੇ ਹਨ। ਹਰ ਕੋਈ ਜਿਹੜਾ ਧਰਮ ਨਹੀਂ ਕਰਦਾ ਪਰਮੇਸ਼ਰ ਤੋਂ ਨਹੀਂ ਅਤੇ ਨਾ ਉਹ ਜਿਹੜਾ ਆਪਣੇ ਭਰਾ ਨਾਲ ਪ੍ਰੇਮ ਨਹੀਂ ਰੱਖਦਾ ਹੈ।" – 1 ਯੂਹੰਨਾ 3:10

"ਅਸੀਂ ਸਾਰੇ ਭੇਡਾਂ ਵਾਂਙੁ ਭੁੱਲੇ ਫਿਰਦੇ ਸਾਂ, ਅਸੀਂ ਆਪਣੇ ਆਪਣੇ ਰਾਹਾਂ ਨੂੰ ਮੁੜੇ. . .।" – ਯਸਾਯਾਹ 53:6

"ਇਸ ਪਵਿੱਤਰ ਯਹੋਵਾਹ ਦੇ ਸਾਹਮਣੇ ਕੌਣ ਖੜਾ ਰਹਿ ਸਕਦਾ ਹੈ?. . .।" – 1 ਸਮੂਏਲ 6:20

"ਮੈਂ ਉਨ੍ਹਾਂ ਦੀ ਸਾਖੀ ਭੀ ਭਰਦਾ ਹਾਂ ਭਈ ਓਹਨਾਂ ਨੂੰ ਪਰਮੇਸ਼ਰ ਲਈ ਅਣਖ ਤਾਂ ਹੈ ਪਰ ਸਮਝ ਨਾਲ ਨਹੀਂ। ਕਿਉਂ ਜੋ ਪਰਮੇਸ਼ਰ ਦੇ ਧਰਮ ਤੋਂ ਅਣਜਾਣ ਹੋ ਕੇ ਅਤੇ ਆਪਣੇ ਹੀ ਧਰਮ ਨੂੰ ਦ੍ਰਿੜ੍ਹ ਕਰਨ ਦਾ ਜਤਨ ਕਰ ਕੇ ਓਹ ਪਰਮੇਸ਼ਰ ਦੇ ਧਰਮ ਦੇ ਅਧੀਨ ਨਾ ਹੋਏ।" – ਰੋਮੀਆਂ 10:2, 3

"ਅਸੀਂ ਸੱਭੇ ਭਰਿਸ਼ਟੀ ਵਾਂਙੁ ਹੋ ਗਏ, ਅਤੇ ਸਾਡੇ ਸਭ ਧਰਮ ਪਲੀਤ ਕੱਪੜੇ ਵਰਗੇ ਹਨ. . .।"
– ਯਸਾਯਾਹ 64:6

"ਜਦੋਂ ਮੈਂ ਧਰਮੀ ਨੂੰ ਆਖਾਂ ਕਿ ਤੂੰ ਨਿਸਚੇ ਜੀਉਂਦਾ ਰਹੇਂਗਾ, ਜੇ ਕਰ ਉਹ ਆਪਣੇ ਧਰਮ ਤੇ ਭਰੋਸਾ ਕਰ ਕੇ ਕੁਕਰਮ ਕਰੇ ਤਾਂ ਉਹ ਦੇ ਸਾਰੇ ਧਰਮ ਦੇ ਕੰਮ ਚੇਤੇ ਨਾ ਕੀਤੇ ਜਾਣਗੇ ਅਤੇ ਉਹ ਉਨ੍ਹਾਂ ਦੋਸ਼ਾਂ ਦੇ ਕਾਰਨ ਜੋ ਉਹ ਨੇ ਕੀਤੇ ਹਨ ਮਰੇਗਾ।" – ਹਿਜ਼ਕੀਏਲ 33:13

"ਅਤੇ ਜਿਹੜੇ ਸਰੀਰਕ ਹਨ ਓਹ ਪਰਮੇਸ਼ਰ ਨੂੰ ਪਰਸੰਨ ਕਰ ਨਹੀਂ ਸਕਦੇ ਹਨ।" – ਰੋਮੀਆਂ 8:8

"ਇਸ ਲਈ ਜੋ ਉਹ ਦੇ ਅੱਗੇ ਸ਼ਰਾ ਦੇ ਕਰਮਾਂ ਤੋਂ ਕੋਈ ਸਰੀਰ ਧਰਮੀ ਨਹੀਂ ਠਹਿਰੇਗਾ ਕਿਉਂ ਜੋ ਸ਼ਰਾ ਦੇ ਰਾਹੀਂ ਪਾਪ ਦੀ ਪਛਾਣ ਹੀ ਹੁੰਦੀ ਹੈ।"
– ਰੋਮੀਆਂ 3:20

"ਇਹ ਨਹੀਂ ਭਈ ਅਸੀਂ ਆਪ ਤੋਂ ਇਸ ਜੋਗੇ ਹਾਂ ਜੋ ਕਿਸੇ ਗੱਲ ਨੂੰ ਆਪਣੀ ਹੀ ਵੱਲੋਂ ਸਮਝੀਏ ਸਗੋਂ ਸਾਡੀ ਜੋਗਤਾ ਪਰਮੇਸ਼ਰ ਵੱਲੋਂ ਹੈ।" – 2 ਕੁਰਿੰਥੀਆਂ 3:5

"ਹੁਣ ਇਹ ਗੱਲ ਪਰਗਟ ਹੈ ਕਿ ਪਰਮੇਸ਼ਰ ਦੇ ਅੱਗੇ ਸ਼ਰਾ ਤੋਂ ਧਰਮੀ ਕੋਈ ਨਹੀਂ ਠਹਿਰਦਾ ਇਸ ਲਈ ਜੋ ਧਰਮੀ ਨਿਹਚਾ ਤੋਂ ਜੀਉਂਦਾ ਰਹੇਗਾ।"
– ਗਲਾਤੀਆਂ 3:11

# ਪਾਪ ਪਰਮੇਸ਼ੁਰ ਤੋਂ ਸਾਨੂੰ ਅੱਡ ਕਰਦਾ ਹੈ

"ਇਸ ਲਈ ਜਿਵੇਂ ਇੱਕ ਮਨੁੱਖ ਤੋਂ ਪਾਪ ਸੰਸਾਰ ਵਿੱਚ ਆਇਆ ਅਤੇ ਪਾਪ ਤੋਂ ਮੌਤ ਆਈ ਅਤੇ ਇਸੇ ਤਰਾਂ ਮੌਤ ਸਭਨਾਂ ਮਨੁੱਖਾਂ ਵਿੱਚ ਫੈਲਰ ਗਈ ਏਸ ਲਈ ਜੋ ਸਭਨਾਂ ਨੇ ਪਾਪ ਕੀਤਾ।" – ਰੋਮੀਆਂ 5:12

"ਤਦ ਕਾਮਨਾ ਜਾਂ ਗਰਭਣੀ ਹੋਈ ਤਾਂ ਪਾਪ ਨੂੰ ਜਣਦੀ ਹੈ, ਅਤੇ ਪਾਪ ਜਾਂ ਪੂਰੇ ਵਿੱਤ ਨੂੰ ਪੁੱਜਦਾ ਹੈ ਤਾਂ ਮੌਤ ਨੂੰ ਜਨਮ ਦਿੰਦਾ ਹੈ।" – ਯਾਕੂਬ 1:15

"ਸਗੋਂ ਤੁਹਾਡੀਆਂ ਬਦੀਆਂ ਨੇ ਤੁਹਾਡੇ ਵਿੱਚ ਅਤੇ ਤੁਹਾਡੇ ਪਰਮੇਸ਼ਰ ਵਿੱਚ ਜੁਦਾਈ ਪਾ ਦਿੱਤੀ ਹੈ, ਅਤੇ ਤੁਹਾਡੇ ਪਾਪਾਂ ਨੇ ਉਹ ਦਾ ਮੂੰਹ ਤੁਹਾਥੋਂ ਲੁਕਾ ਦਿੱਤਾ ਹੈ, ਭਈ ਉਹ ਨਾ ਸੁਣੇ।" – ਯਸਾਯਾਹ 59:2

"... ਪਰਮੇਸ਼ਰ ਐਉ ਫ਼ਰਮਾਉਂਦਾ ਹੈ ਕਿ ਤੁਸੀਂ ਕਿਉਂ ਯਹੋਵਾਹ ਦੇ ਹੁਕਮਾਂ ਦੀ ਉਲੰਘਣਾ ਕਰਦੇ ਹੋ ਐਉਂ ਤੁਸੀਂ ਸਫਲ ਨਹੀਂ ਹੋ ਸੱਕਦੇ? ਕਿਉਂ ਜੋ ਤੁਸਾਂ ਯਹੋਵਾਹ ਨੂੰ ਛੱਡ ਦਿੱਤਾ ਹੈ, ਉਸ ਨੇ ਵੀ ਤੁਹਾਨੂੰ ਛੱਡ ਦਿੱਤਾ ਹੈ।" – 2 ਇਤਹਾਸ 24:20

"ਕਿਉਂ ਜੋ ਬਗਾਵਤ ਅਤੇ ਜਾਦੂਗਰੀ ਦਾ ਪਾਪ ਇੱਕੋ ਜਿਹਾ ਹੈ. . .ਸੋ ਜਿਹਾ ਤੈਂ ਯਹੋਵਾਹ ਦੇ ਬਚਨ ਨੂੰ ਰੱਦਿਆ ਹੈ, ਤਿਹਾ ਹੀ ਉਸ ਨੇ ਪਾਤਸ਼ਾਹ ਰਹਿਣ ਤੋਂ ਤੈਨੂੰ ਰੱਦਿਆ ਹੈ।" – 1 ਸਮੂਏਲ 15:23

"ਤਾਂ ਮੈਂ ਵੀ ਉਸ ਦਿਨ ਆਪਣਾ ਮੂੰਹ ਉਸ ਸਾਰੀ ਬੁਰਿਆਈ ਦੇ ਕਾਰਨ ਜਿਹੜੀ ਉਨ੍ਹਾਂ ਨੇ ਕੀਤੀ ਲੁਕਾ ਲਵਾਂਗਾ ਕਿਉਂ ਜੋ ਓਹ ਦੂਜੇ ਦੇਵਤਿਆਂ ਦੀ ਵੱਲ ਮੁੜ ਗਏ।" – ਬਿਵਸਥਾ ਸਾਰ 31:18

"ਜਿਹੜੀ ਜਾਨ ਪਾਪ ਕਰੇ ਉਹ ਮਰੇਗੀ. . .।"
–ਹਿਜ਼ਕੀਏਲ 18:20

"ਪਰਮੇਸ਼ਰ ਸੱਚਾ ਨਿਆਉਂਕਾਰ ਹੈ, ਹਾਂ, ਇੱਕ ਪਰਮੇਸ਼ਰ ਜਿਹੜਾ ਰੋਜ਼ ਖਿਝਿਆ ਰਹਿੰਦਾ ਹੈ।"

– ਜ਼ਬੂਰ 7:11

"ਯਹੋਵਾਹ ਕ੍ਰੋਧ ਵਿੱਚ ਧੀਰਜੀ ਅਤੇ ਬਲ ਵਿੱਚ ਮਹਾਨ ਹੈ, ਅਤੇ ਦੋਸ਼ੀ ਨੂੰ ਕਦੇ ਵੀ ਨਿਰਦੋਸ਼ ਨਾ ਠਹਿਰਾਵੇਗਾ।" – ਨਹੂਮ 1:3

"ਕਿਉਂ ਜੋ ਇਨ੍ਹਾਂ ਗੱਲਾਂ ਦੇ ਕਾਰਨ ਪਰਮੇਸ਼ਰ ਦਾ ਕ੍ਰੋਧ ਅਣਆਗਿਆਕਾਰੀ ਦੇ ਪੁੱਤਰਾਂ ਉੱਤੇ ਪੈਂਦਾ ਹੈ।"

– ਕੁਲੁੱਸੀਆਂ 3:6

"ਜਿਹੜੇ ਮਨੁੱਖ ਸਚਿਆਈ ਨੂੰ ਕੁਧਰਮ ਨਾਲ ਦਬਾਈ ਰੱਖਦੇ ਹਨ ਉਨ੍ਹਾਂ ਦੀ ਸਾਰੀ ਬੇਦੀਨੀ ਅਤੇ ਕੁਧਰਮ ਉੱਤੇ ਪਰਮੇਸ਼ਰ ਦਾ ਕ੍ਰੋਧ ਤਾਂ ਅਕਾਸ਼ੋਂ ਪਰਗਟ ਹੋਇਆ।" – ਰੋਮੀਆਂ 1:18

"ਓਹ ਹਰ ਪਰਕਾਰ ਦੇ ਕੁਧਰਮ, ਬਦੀ, ਲੋਭ ਅਤੇ ਬੁਰੀਆਈ ਨਾਲ ਭਰੇ ਹੋਏ ਸਨ। ਖਾਰ, ਘਾਤ, ਝਗੜੇ, ਛਲ ਅਤੇ ਬਦਨੀਤੀ ਨਾਲ ਭਰਪੂਰ ਹੋ ਗਏ। ਲਾਵੇ ਲੁਤਰੇ, ਨਿੰਦਕ, ਪਰਮੇਸ਼ਰ ਦੇ ਵੈਰੀ, ਧੱਕੇ ਖੋਰੇ, ਹੰਕਾਰੀ, ਸ਼ੇਖੀਬਾਜ਼, ਬਦੀਆਂ ਦੇ ਉਸਤਾਦ, ਮਾਪਿਆਂ ਦੇ ਅਣਆਗਿਆਕਾਰ, ਨਿਰਬੁੱਧ, ਨੇਮ ਤੋੜਨ ਵਾਲੇ, ਨਿਰਮੋਹ ਅਤੇ ਨਿਰਦਈ ਹੋਏ ਅਤੇ ਓਹ ਪਰਮੇਸ਼ਰ ਦੀ ਬਿਧੀ ਜਾਣ ਕੇ ਭਈ ਏਹੋ ਜੇਹੇ ਕੰਮ ਕਰਨ ਵਾਲੇ ਮਰਨ ਦੇ ਜੋਗ ਹਨ ਨਿਰੇ ਆਪ ਹੀ ਨਹੀਂ ਕਰਦੇ ਸਗੋਂ ਕਰਨ ਵਾਲਿਆਂ ਤੋਂ ਵੀ ਪਰਸੰਨ ਹੁੰਦੇ ਹਨ।"

– ਰੋਮੀਆਂ 1:29-32

"ਬਿਪਤਾ ਅਤੇ ਕਸ਼ਟ ਹਰੇਕ ਮਨੁੱਖ ਦੀ ਜਾਨ ਉੱਤੇ ਹੋਵੇਗਾ ਜਿਹੜਾ ਬੁਰਿਆਈ ਕਰਦਾ ਹੈ. . .।"

– ਰੋਮੀਆਂ 2:9

# ਨਿਆਉਂ ਨੇੜੇ ਹੈ

"ਅਤੇ ਜਿਵੇਂ ਮਨੁੱਖਾਂ ਲਈ ਇੱਕ ਵਾਰ ਮਰਨਾ ਠਹਿਰਾਇਆ ਹੋਇਆ ਹੈ ਅਤੇ ਉਹ ਦੇ ਪਿੱਛੋਂ ਨਿਆਉਂ ਹੁੰਦਾ ਹੈ।" – ਇਬਰਾਨੀਆਂ 9:27

"ਅਤੇ ਮੈਂ ਮੁਰਦਿਆਂ ਨੂੰ ਕੀ ਵੱਡੇ ਕੀ ਛੋਟੇ ਸਿੰਘਾਸਣ ਦੇ ਅੱਗੇ ਖਲੋਤਿਆਂ ਵੇਖਿਆ, ਅਤੇ ਪੋਥੀਆਂ ਖੋਲ੍ਹੀਆਂ ਗਈਆਂ ਅਤੇ ਇੱਕ ਹੋਰ ਪੋਥੀ ਜਿਹੜੀ ਜੀਵਨ ਦੀ ਪੋਥੀ ਹੈ ਖੋਲ੍ਹੀ ਗਈ ਅਤੇ ਮੁਰਦਿਆਂ ਦਾ ਨਿਆਉਂ ਪੋਥੀਆਂ ਵਿੱਚ ਲਿਖੀਆਂ ਹੋਇਆਂ ਗੱਲਾਂ ਤੋਂ ਉਨ੍ਹਾਂ ਦੀਆਂ ਕਰਨੀਆਂ ਦੇ ਅਨੁਸਾਰ ਕੀਤਾ ਗਿਆ, ਅਤੇ ਜੇ ਕੋਈ ਜੀਵਨ ਦੀ ਪੋਥੀ ਵਿੱਚ ਲਿਖਿਆ ਹੋਇਆ ਨਾ ਲੱਭਾ ਤਾਂ ਉਹ ਅੱਗ ਦੀ ਝੀਲ ਵਿੱਚ ਸੁੱਟਿਆ ਗਿਆ।" – ਪਰਕਾਸ਼ ਦੀ ਪੋਥੀ 20:12, 15

"ਜੀਉਂਦੇ ਪਰਮੇਸ਼ਰ ਦੇ ਹੱਥ ਵਿੱਚ ਪੈਣਾ ਭਿਆਣਕ ਗੱਲ ਹੈ!" – ਇਬਰਾਨੀਆਂ 10:31

"ਪਰ ਮੈਂ ਤੁਹਾਨੂੰ ਆਖਦਾ ਹਾਂ ਭਈ ਮਨੁੱਖ ਹਰੇਕ ਅਕਾਰਥ ਗੱਲ ਜੋ ਬੋਲਣ ਨਿਆਉਂ ਦੇ ਦਿਨ ਉਹ ਦਾ ਹਿਸਾਬ ਦੇਣਗੇ।" – ਮੱਤੀ 12:36

"ਪਰਮੇਸ਼ਰ ਤਾਂ ਇੱਕ ਇੱਕ ਕੰਮ ਦਾ ਅਤੇ ਇੱਕ ਇੱਕ ਗੁੱਝੀ ਗੱਲ ਦਾ ਨਿਆਉਂ ਕਰੇਗਾ ਭਾਵੇਂ ਚੰਗੀ ਹੋਵੇ ਭਾਵੇਂ ਮਾੜੀ।" – ਉਪਦੇਸ਼ਕ 12:14

"ਸੋ ਜੁਗ ਦੇ ਅੰਤ ਦੇ ਸਮੇ ਅਜਿਹਾ ਹੀ ਹੋਵੇਗਾ। ਦੂਤ ਨਿੱਕਲ ਆਉਣਗੇ ਅਤੇ ਧਰਮੀਆਂ ਵਿੱਚੋਂ ਦੁਸ਼ਟਾਂ ਨੂੰ ਅੱਡ ਕਰਨਗੇ। ਅਰ ਇਨ੍ਹਾਂ ਨੂੰ ਭਖਦੇ ਭੱਠੇ ਵਿੱਚ ਸੁੱਟ ਦੇਣਗੇ। ਉੱਥੇ ਰੋਣਾ ਅਰ ਕਚੀਚੀਆਂ ਵੱਟਣਾ ਹੋਵੇਗਾ।" – ਮੱਤੀ 13:49, 50

"ਯਹੋਵਾਹ ਦੀਆਂ ਅੱਖਾਂ ਸਭਨੀਂ ਥਾਈਂ ਲੱਗੀਆਂ ਰਹਿੰਦੀਆਂ ਹਨ, ਅਤੇ ਬੁਰੇ ਭਲੇ ਦੋਹਾਂ ਨੂੰ ਤੱਕਦੀਆਂ ਹਨ।" – ਕਹਾਉਤਾਂ 15:3

"ਹੇ ਯਹੋਵਾਹ, ਤੈਂ ਮੈਨੂੰ ਪਰਖ ਲਿਆ ਤੇ ਜਾਣ ਲਿਆ, ਤੂੰ ਮੇਰਾ ਬੈਠਣਾ ਉੱਠਣਾ ਜਾਣਦਾ ਹੈਂ, ਤੂੰ ਮੇਰੀ ਵਿਚਾਰ ਨੂੰ ਦੂਰ ਤੋਂ ਹੀ ਸਮਝ ਲੈਂਦਾ ਹੈਂ, ਤੂੰ ਮੇਰੇ ਚੱਲਣੇ ਤੇ ਮੇਰੇ ਲੇਟਣੇ ਦੀ ਛਾਨਬੀਨ ਕਰਦਾ ਹੈਂ, ਅਤੇ ਮੇਰੀਆਂ ਸਾਰੀਆਂ ਚਾਲਾਂ ਤੋਂ ਵਾਕਫ਼ ਹੈਂ। ਮੇਰੀ ਜੀਭ ਉੱਤੇ ਤਾਂ ਇੱਕ ਗੱਲ ਵੀ ਨਹੀਂ,—ਵੇਖ, ਹੇ ਯਹੋਵਾਹ, ਤੂੰ ਉਹ ਨੂੰ ਪੂਰੇ ਤੌਰ ਨਾਲ ਜਾਣਦਾ ਹੈਂ।" – ਜ਼ਬੂਰ 139:1-4

". . .ਯਹੋਵਾਹ ਜੋ ਮਨੁੱਖ ਵਾਂਙੁ ਨਹੀਂ ਵੇਖਦਾ। ਮਨੁੱਖ ਤਾਂ ਬਾਹਰਲਾ ਰੂਪ ਵੇਖਦਾ ਹੈ ਪਰ ਯਹੋਵਾਹ ਹਿਰਦੇ ਨੂੰ ਵੇਖਦਾ ਹ।" – 1 ਸਮੂਏਲ 16:7

"ਜਿਸ ਨੇ ਕੰਨ ਲਾਇਆ, ਭਲਾ, ਉਹ ਨਹੀਂ ਸੁਣੇਗਾ? ਜਿਸ ਨੇ ਅੱਖ ਰਚੀ, ਭਲਾ, ਉਹ ਨਹੀਂ ਵੇਖੇਗਾ?" – ਜ਼ਬੂਰ 94:9

"ਅਤੇ ਸਰਿਸ਼ਟੀ ਦੀ ਕੋਈ ਵਸਤ ਉਸ ਤੋਂ ਲੁਕੀ ਹੋਈ ਨਹੀਂ, ਪਰ ਜਿਹ ਨੂੰ ਅਸਾਂ ਲੇਖਾ ਦੇਣਾ ਹੈ ਉਹ ਦੇ ਨੇਤਰਾਂ ਦੇ ਅੱਗੇ ਸਾਰੀਆਂ ਵਸਤਾਂ ਨੰਗੀਆਂ ਅਤੇ ਖੁਲ੍ਹੀਆਂ ਪਈਆਂ ਹਨ।" – ਇਬਰਾਨੀਆਂ 4:13

"ਨਾ ਕੋਈ ਅਨ੍ਹੇਰ ਨਾ ਮੌਤ ਦਾ ਪਰਛਾਵਾਂ ਹੈ, ਜਿੱਥੇ ਕੁਕਰਮੀ ਲੁਕ ਜਾਣ।" – ਅੱਯੂਬ 34:22

"ਕਿਉਂ ਜੋ ਮੇਰੀਆਂ ਅੱਖਾਂ ਓਹਨਾਂ ਦੇ ਸਾਰੇ ਰਾਹਾਂ ਉੱਤੇ ਹਨ। ਓਹ ਮੇਰੇ ਹਜ਼ੂਰੋਂ ਲੁਕੇ ਹੋਏ ਨਹੀਂ ਹਨ, ਨਾ ਓਹਨਾਂ ਦੀ ਬਦੀ ਮੇਰੀਆਂ ਅੱਖਾਂ ਦੇ ਅੱਗੋਂ ਛੁੱਪੀ ਹੋਈ ਹੈ।" –ਯਿਰਮਿਯਾਹ 16:17

# ਪਾਪ ਤੋਂ ਮੁੜਨ ਦੀ ਲੋੜ ਹੈ

"ਪ੍ਰਭੂ ਯਹੋਵਾਹ ਦਾ ਵਾਕ ਹੈ, ਕੀ ਮੈਨੂੰ ਦੁਸ਼ਟ ਦੀ ਮੌਤ ਵਿੱਚ ਕੋਈ ਖ਼ੁਸ਼ੀ ਹੈ, ਅਤੇ ਏਸ ਵਿੱਚ ਨਹੀਂ ਕਿ ਉਹ ਆਪਣੇ ਮਾਰਗ ਤੋਂ ਮੁੜੇ ਅਤੇ ਜੀਉਂਦਾ ਰਹੇ?"
– ਹਿਜ਼ਕੀਏਲ 18:23

"ਮੈਂ ਤੁਹਾਨੂੰ ਆਖਦਾ ਹਾਂ, ਨਹੀਂ ਪਰ ਜੇ ਤੁਸੀਂ ਤੋਬਾ ਨਾ ਕਰੋ ਤਾਂ ਤੁਸਾਂ ਸਭਨਾਂ ਦਾ ਇਸੇ ਤਰਾਂ ਨਾਸ ਹੋ ਜਾਵੇਗਾ।" – ਲੂਕਾ 13:3

"ਜਿਹੜਾ ਆਪਣੇ ਅਪਰਾਧਾਂ ਨੂੰ ਲਕੋ ਲੈਂਦਾ ਹੈ ਉਹ ਸਫ਼ਲ ਨਹੀਂ ਹੁੰਦਾ, ਪਰ ਜੋ ਓਹਨਾਂ ਨੂੰ ਮੰਨ ਕੇ ਛੱਡ ਦਿੰਦਾ ਹੈ ਉਹ ਦੇ ਉੱਤੇ ਰਹਿਮ ਕੀਤਾ ਜਾਵੇਗਾ।"
– ਕਹਾਉਤਾਂ 28:13

"ਪਰ ਹੁਣ ਵੀ, ਯਹੋਵਾਹ ਦਾ ਵਾਕ ਹੈ, ਆਪਣੇ ਸਾਰੇ ਦਿਲ ਨਾਲ ਮੇਰੀ ਵੱਲ ਮੁੜੋ, ਵਰਤ ਨਾਲ, ਰੋਣ ਨਾਲ ਅਤੇ ਛਾਤੀ ਪਿੱਟਣ ਨਾਲ।" – ਯੋਏਲ 2:12

"ਆਪਣੇ ਨਾਲ ਬਚਨਾਂ ਨੂੰ ਲੈ ਕੇ ਯਹੋਵਾਹ ਵੱਲ ਮੁੜੋ, ਉਹ ਨੂੰ ਆਖੋ, ਸਾਰੀ ਬਦੀ ਨੂੰ ਚੁੱਕ ਅਤੇ ਨੇਕੀ ਨੂੰ ਕਬੂਲ ਕਰ, ਅਤੇ ਅਸੀਂ ਵਹਿੜਕਿਆਂ ਦੇ ਥਾਂ ਆਪਣਿਆਂ ਬੁੱਲ੍ਹਾਂ ਨੂੰ ਪੇਸ਼ ਕਰਾਂਗੇ।"
– ਹੋਸ਼ੇਆ 14:2

"ਉਹ ਮਨੁੱਖਾਂ ਦੇ ਅੱਗੇ ਗਾਉਣ ਲੱਗਦਾ ਅਤੇ ਕਹਿਣ ਲੱਗਦਾ ਹੈ,— ਮੈਂ ਪਾਪ ਕੀਤਾ ਅਤੇ ਸਿੱਧੀ ਗੱਲ ਨੂੰ ਉਲੱਦ ਦਿੱਤਾ, ਪਰ ਮੈਨੂੰ ਕੁਝ ਭਰਨਾ ਨਾ ਪਿਆ। ਉਹ ਨੇ ਮੇਰੀ ਜਾਨ ਨੂੰ ਟੋਏ ਵਿੱਚ ਲੰਘਣ ਤੋਂ ਬਚਾਇਆ, ਮੇਰੀ ਹਯਾਤੀ ਚਾਨਣਾ ਵੇਖੂਗੀ!"
– ਅੱਯੂਬ 33:27, 28

"ਸੋ ਪ੍ਰਭੂ ਯਹੋਵਾਹ ਦਾ ਵਾਕ ਹੈ, ਹੇ ਇਸਰਾਏਲ ਦੇ ਘਰਾਣੇ, ਮੈਂ ਹਰ ਇੱਕ ਮਨੁੱਖ ਦਾ ਉਸ ਦੇ ਮਾਰਗ ਦੇ ਅਨੁਸਾਰ ਤੁਹਾਡਾ ਨਿਆਉਂ ਕਰਾਂਗਾ। ਤੁਸੀਂ ਮੁੜੋ ਅਤੇ ਆਪਣੇ ਸਾਰੇ ਅਪਰਾਧਾਂ ਵੱਲੋਂ ਮੁੜ ਆਓ ਤਾਂ ਜੋ ਤੁਹਾਡੀ ਬਦੀ ਤੁਹਾਡੀ ਠੋਕਰ ਦਾ ਕਾਰਨ ਨਾ ਹੋਵੇ।"
– ਹਿਜ਼ਕੀਏਲ 18:30

"ਯਹੋਵਾਹ ਨੂੰ ਭਾਲੋ ਜਦ ਤੀਕ ਉਹ ਲੱਭ ਸੱਕੇ, ਉਹ ਨੂੰ ਪੁਕਾਰੋ ਜਦ ਤੀਕ ਉਹ ਨੇੜੇ ਹੈ। ਦੁਸ਼ਟ ਆਪਣੇ ਰਾਹ ਨੂੰ ਤਿਆਗੇ, ਅਤੇ ਬੁਰਿਆਰ ਆਪਣੇ ਖਿਆਲਾਂ ਨੂੰ, ਉਹ ਯਹੋਵਾਹ ਵੱਲ ਮੁੜੇ ਅਤੇ ਉਹ ਉਸ ਤੇ ਰਹਮ ਕਰੇਗਾ, ਅਤੇ ਸਾਡੇ ਪਰਮੇਸ਼ਰ ਵੱਲ ਜੋ ਅੱਤ ਦਿਆਲੂ ਹੈ।" – ਯਸਾਯਾਹ 55:6-7

"ਯਹੋਵਾਹ ਟੁੱਟੇ ਦਿਲ ਵਾਲਿਆਂ ਦੇ ਨੇੜੇ ਹੈ, ਅਤੇ ਕੁਚਲਿਆਂ ਆਤਮਾਂ ਵਾਲਿਆਂ ਨੂੰ ਬਚਾਉਂਦਾ ਹੈ।" – ਜ਼ਬੂਰ 34:18

". . .ਆਪਣੇ ਬੁਰੇ ਰਾਹ ਤੋਂ ਮੁੜੇ ਤਾਂ ਮੈਂ ਓਹਨਾਂ ਦੀ ਬਦੀ ਅਤੇ ਪਾਪ ਮਾਫ਼ ਕਰ ਦਿਆਂ।" – ਯਿਰਮਿਯਾਹ 36:3

"ਮੈਂ ਤੇਰੇ ਅੱਗੇ ਆਪਣੇ ਪਾਪ ਦਾ ਇਕਰਾਰ ਕੀਤਾ, ਅਤੇ ਆਪਣੀ ਬਦੀ ਨਹੀਂ ਲੁਕਾਈ। ਮੈਂ ਆਖਿਆ ਕਿ ਮੈਂ ਆਪਣੇ ਅਪਰਾਧਾਂ ਨੂੰ ਯਹੋਵਾਹ ਦੇ ਅੱਗੇ ਮੰਨ ਲਵਾਂਗਾ, ਤਾਂ ਤੈਂ ਆਪ ਮੇਰੇ ਪਾਪ ਦੀ ਬਦੀ ਨੂੰ ਚੁੱਕ ਲਿਆ।" – ਜ਼ਬੂਰ 32:5

"ਜੇ ਅਸੀਂ ਆਪਣਿਆਂ ਪਾਪਾਂ ਦਾ ਇਕਰਾਰ ਕਰੀਏ ਤਾਂ ਉਹ ਵਫ਼ਾਦਾਰ ਅਤੇ ਧਰਮੀ ਹੈ ਭਈ ਸਾਡੇ ਪਾਪਾਂ ਨੂੰ ਮਾਫ਼ ਕਰੇ ਅਤੇ ਸਾਨੂੰ ਸਾਰੇ ਕੁਧਰਮ ਤੋਂ ਸ਼ੁੱਧ ਕਰੇ।" – 1 ਯੂਹੰਨਾ 1:9

"ਇਸ ਲਈ ਤੋਬਾ ਕਰੋ ਅਤੇ ਮੁੜੋ ਭਈ ਤੁਹਾਡੇ ਪਾਪ ਮਿਟਾਏ ਜਾਣ. . .।" – ਰਸੂਲਾਂ ਦੇ ਕਰਤੱਬ 3:19

"ਮੈਂ ਸੁਣ ਲਵਾਂ ਭਈ ਯਹੋਵਾਹ ਪਰਮੇਸ਼ਰ ਕੀ ਆਖੇਗਾ, ਉਹ ਤਾਂ ਆਪਣੀ ਪਰਜਾ ਤੇ ਆਪਣੇ ਸੰਤਾਂ ਨਾਲ ਸ਼ਾਂਤੀ ਦੀਆਂ ਗੱਲਾਂ ਕਰੇਗਾ, ਭਈ ਓਹ ਫੇਰ ਮੂਰਖਤਾਈ ਵੱਲ ਨਾ ਮੁੜਨ।" – ਜ਼ਬੂਰ 85:8

ਤੋਬਾ ਦਾ ਅਰਥ ਹੈ ਪਾਪ ਤੋਂ ਮੁੜਨਾ ਅਤੇ ਇਨ੍ਹਾਂ ਦਾ ਪਰਮੇਸ਼ੁਰ ਅੱਗ ਇਕਰਾਰ ਕਰਨਾ।

# ਪਰਮੇਸ਼ੁਰ ਨਾਲ ਸਾਡੇ ਮਿਲਾਪ ਲਈ ਬਲੀਦਾਨ ਦੀ ਲੋੜ ਸੀ

(ਸਫਾ 14 ਦੇ ਅਨੁਸਾਰ)

"ਅਤੇ ਉਹ ਆਪਣਾ ਹੱਥ ਉਸ ਹੋਮ ਬਲੀ ਦੇ ਸਿਰ ਉੱਤੇ ਰੱਖੇ ਅਤੇ ਉਹ ਉਸ ਦਾ ਪ੍ਰਾਸਚਿਤ ਕਰਨ ਲਈ ਉਸ ਦੇ ਕੋਲੋਂ ਮੰਨਿਆਂ ਜਾਏ। ਕਿਉਂ ਜੋ ਸਰੀਰ ਦੀ ਜਿੰਦ ਉਸ ਦੇ ਲਹੂ ਵਿੱਚ ਹੈ ਅਤੇ ਮੈਂ ਉਸ ਨੂੰ ਜਗਵੇਦੀ ਦੇ ਉੱਤੇ ਤੁਹਾਡੇ ਪ੍ਰਾਣਾਂ ਦੇ ਪ੍ਰਾਸਚਿਤ ਕਰਨ ਲਈ ਤੁਹਾਨੂੰ ਦਿੱਤਾ ਹੈ, ਕਿਉਂ ਕਿ ਜਿਹੜਾ ਪ੍ਰਾਸਚਿਤ ਕਰਦਾ ਹੈ ਸੋ ਜਿੰਦ ਦੇ ਕਾਰਨ ਲਹੂ ਹੈ।"

– ਲੇਵੀਆਂ 1:4; 17:11

"ਅਤੇ ਸ਼ਰਾ ਦੇ ਅਨੁਸਾਰ ਲਗ ਭਗ ਸਾਰੀਆਂ ਵਸਤਾਂ ਲਹੂ ਨਾਲ ਸ਼ੁੱਧ ਕੀਤੀਆਂ ਜਾਂਦੀਆਂ ਹਨ ਅਤੇ ਬਿਨਾ ਲਹੂ ਵਹਾਏ ਮਾਫ਼ੀ ਹੁੰਦੀ ਹੀ ਨਹੀਂ।"

– ਇਬਰਾਨੀਆਂ 9:22

"ਤੁਹਾਡਾ ਲੇਲਾ ਬੱਜ ਤੋਂ ਰਹਿਤ ਅਰ ਇੱਕ ਵਰਹੇ ਦਾ ਨਰ ਹੋਵੇ. . . ਅਰ ਉਹ ਲਹੂ ਤੁਹਾਡੇ ਲਈ ਘਰਾਂ ਉੱਤੇ ਜਿੱਥੇ ਤੁਸੀਂ ਹੋਵੋਗੇ ਨਿਸ਼ਾਨ ਹੋਵੇਗਾ ਅਤੇ ਜਦ ਮੈਂ ਲਹੂ ਨੂੰ ਵੇਖਾਂਗਾ ਮੈਂ ਤੁਹਾਡੇ ਉੱਤੋਂ ਦੀ ਲੰਘ ਜਾਵਾਂਗਾ ਅਰ ਤੁਹਾਡੇ ਉੱਤੇ ਕੋਈ ਬਵਾ ਜਦ ਮੈਂ ਮਿਸਰ ਦੇਸ ਨੂੰ ਮਾਰਾਂਗਾ ਨਾ ਪਵੇਗੀ ਜਿਹੜੀ ਤੁਹਾਡਾ ਨਾਸ ਕਰੇ।"

– ਕੂਚ 12:5, 13

". . .ਉਸ ਨੇ ਆਖਿਆ, ਪਿਤਾ ਜੀ, ਉਸ ਆਖਿਆ, ਪੁੱਤਰ ਕੀ ਗੱਲ ਹੈ? ਉਸ ਆਖਿਆ, ਵੇਖ ਅਗਨੀ ਅਰ ਲਕੜੀਆਂ ਤਾਂ ਹਨ ਪਰ ਹੋਮ ਬਲੀ ਲਈ ਲੇਲਾ ਕਿੱਥੇ ਹੈ? ਅਬਰਾਹਾਮ ਨੇ ਆਖਿਆ, ਹੇ ਮੇਰੇ ਪੁੱਤਰ ਪਰਮੇਸ਼ਰ ਹੋਮ ਬਲੀ ਲਈ ਲੇਲਾ ਆਪ ਹੀ ਦੇਊਗਾ ਤਾਂ ਓਹ ਦੋਵੇਂ ਇੱਕਠੇ ਤੁਰੇ ਗਏ। ਜਦ ਅਬਰਾਹਾਮ ਨੇ ਆਪਣੀਆਂ ਅੱਖਾਂ ਚੁੱਕਕੇ ਡਿੱਠਾ ਤਾਂ ਵੇਖੋ ਉਹ ਦੇ ਪਿੱਛੇ ਇੱਕ ਛੱਤ੍ਰਾ ਸੀ ਜਿਹਦੇ ਸਿੰਙ ਇੱਕ ਝਾੜੀ ਵਿੱਚ ਫਸੇ ਹੋਏ ਸਨ ਤਾਂ ਅਬਰਾਹਾਮ ਗਿਆ ਅਰ ਛੱਤ੍ਰੇ ਨੂੰ ਫੜ ਕੇ ਲੈ ਆਂਦਾ ਅਰ ਉਸਨੂੰ ਆਪਣੇ ਪੁੱਤਰ ਦੀ ਥਾਂ ਹੋਮ ਦੀ ਬਲੀ ਚੜ੍ਹਾਇਆ।"

– ਉਤਪਤ 22:7-8, 13

"ਸੱਚਾ ਚਾਨਣ ਜਿਹੜਾ ਹਰੇਕ ਮਨੁੱਖ ਨੂੰ ਉਜਾਲਾ ਕਰਦਾ ਹੈ ਜਗਤ ਵਿੱਚ ਆਉਣ ਵਾਲਾ ਸੀ।"

– ਯੂਹੰਨਾ 1:29

"ਅਸੀਂ ਸਾਰੇ ਭੇਡਾਂ ਵਾਂਙੁ ਭੁੱਲੇ ਫਿਰਦੇ ਸਾਂ, ਅਸੀਂ ਆਪਣੇ ਆਪਣੇ ਰਾਹਾਂ ਨੂੰ ਮੁੜੇ, ਅਤੇ ਯਹੋਵਾਹ ਨੇ ਸਾਡੀ ਸਾਰਿਆਂ ਦੀ ਬਦੀ ਉਸ ਉੱਤੇ ਲੱਦੀ। ਉਹ ਸਤਾਇਆ ਗਿਆ ਤੇ ਦੁਖੀ ਹੋਇਆ, ਪਰ ਓਸ ਆਪਣਾ ਮੂੰਹ ਨਾ ਖੋਲ੍ਹਿਆ, ਲੇਲੇ ਵਾਂਙੁ ਜਿਹੜਾ ਕੱਟੇ ਜਾਣ ਲਈ ਲੈ ਜਾਇਆ ਜਾਂਦਾ, ਅਤੇ ਭੇਡ ਵਾਂਙੁ ਜਿਹੜੀ ਉੱਨ ਕਤਰਨ ਵਾਲਿਆਂ ਦੇ ਅੱਗੇ ਗੁੰਗੀ ਹੈ, ਸੋ ਓਸ ਆਪਣਾ ਮੂੰਹ ਨਾ ਖੋਲ੍ਹਿਆ।"

– ਯਸਾਯਾਹ 53:6, 7

"ਉਹ ਬੱਕਰਿਆਂ ਅਤੇ ਵੱਛਿਆਂ ਦੇ ਲਹੂ ਦੇ ਰਾਹੀਂ ਨਹੀਂ ਸਗੋਂ ਆਪਣੇ ਹੀ ਲਹੂ ਦੇ ਰਾਹੀਂ ਪਵਿੱਤਰ ਅਸਥਾਨਾਂ ਦੇ ਅੰਦਰ ਸਦੀਪਕ ਨਿਸਤਾਰਾ ਕਮਾ ਕੇ ਇੱਕੋ ਵਾਰ ਅੰਦਰ ਗਿਆ. . .ਪਰ ਹੁਣ ਜੁੱਗਾਂ ਦੇ ਅੰਤ ਵਿੱਚ ਉਹ ਇੱਕੋ ਵਾਰ ਪਰਗਟ ਹੋਇਆ ਹੈ ਭਈ ਆਪਣੇ ਆਪ ਦੇ ਬਲੀਦਾਨ ਕਰਨ ਨਾਲ ਪਾਪ ਨੂੰ ਦੂਰ ਕਰੇ। ਤਿਵੇਂ ਮਸੀਹ ਭੀ ਬਾਹਲਿਆਂ ਦੇ ਪਾਪਾਂ ਨੂੰ ਚੁੱਕਣ ਲਈ ਇੱਕੋ ਹੀ ਵਾਰ ਚੜ੍ਹਾਇਆ ਗਿਆ. . .।"

– ਇਬਰਾਨੀਆਂ 9:12, 26, 28

"ਕਿਉਂ ਜੋ ਤੁਸੀਂ ਜਾਣਦੇ ਹੋ ਭਈ ਤੁਸੀਂ ਆਪਣੀ ਅਕਾਰਥ ਚਾਲ ਤੋਂ ਜਿਹੜੀ ਤੁਹਾਡੇ ਵੱਡਿਆਂ ਤੋਂ ਚਲੀ ਆਈ ਹੈ ਨਿਸਤਾਰਾ ਪਾਇਆ ਸੋ ਨਾਸਵਾਨ ਵਸਤਾਂ ਅਰਥਾਤ ਚਾਂਦੀ ਸੋਨੇ ਨਾਲ ਨਹੀਂ। ਸਗੋਂ ਮਸੀਹ ਦੇ ਅਮੋਲਕ ਲਹੂ ਨਾਲ ਪਾਇਆ ਜਿਹੜਾ ਨਿਹਕਲੰਕ ਅਤੇ ਬੇਦਾਗ ਲੇਲੇ ਦੀ ਨਿਆਈਂ ਸੀ।"

– 1 ਪਤਰਸ 1:18, 19

"ਤਾਂ ਕਿੰਨਾ ਹੀ ਵਧੀਕ ਮਸੀਹ ਦਾ ਲਹੂ ਜਿਹ ਨੇ ਸਦੀਪਕ ਆਤਮਾ ਦੇ ਰਾਹੀਂ ਆਪਣੇ ਆਪ ਨੂੰ ਦੋਸ਼ ਰਹਿਤ ਪਰਮੇਸ਼ੁਰ ਦੇ ਅੱਗੇ ਚੜ੍ਹਾਇਆ ਤੁਹਾਡੇ ਅੰਤਹਕਰਨ ਨੂੰ ਮੁਰਦਿਆਂ ਕੰਮਾਂ ਤੋਂ ਸ਼ੁੱਧ ਕਰੇਗਾ ਭਈ ਤੁਸੀਂ ਜੀਉਂਦੇ ਪਰਮੇਸ਼ੁਰ ਦੀ ਉਪਾਸਨਾ ਕਰੋ।"

– ਇਬਰਾਨੀਆਂ 9:14

"ਸੋ ਉਹ ਦੀ ਕਿਰਪਾ ਨਾਲ ਉਸ ਨਿਸਤਾਰੇ ਦੇ ਕਾਰਨ ਜੋ ਮਸੀਹ ਯਿਸੂ ਤੋਂ ਹੁੰਦਾ ਹੈ ਓਹ ਮੁਖ਼ਤ ਧਰਮੀ ਗਿਣੇ ਜਾਂਦੇ ਹਨ। ਜਿਹ ਨੂੰ ਪਰਮੇਸ਼ਰ ਨੇ ਉਹ ਦੇ ਲਹੂ ਉੱਤੇ ਨਿਹਚਾ ਕਰਨ ਨਾਲ ਪ੍ਰਾਸਚਿੱਤ ਠਹਿਰਾਇਆ ਤਾਂ ਜੋ ਪਰਮੇਸ਼ਰ ਆਪਣੇ ਧਰਮ ਨੂੰ ਪਰਗਟ ਕਰੇ ਇਸ ਲਈ ਜੋ ਉਹ ਨੇ ਆਪਣੀ ਖਿਮਾ ਨਾਲ ਪਿੱਛਲੇ ਸਮੇਂ ਦੇ ਕੀਤੇ ਹੋਏ ਪਾਪਾਂ ਤੋਂ ਅੱਖੀਆਂ ਫੇਰ ਲਈਆਂ।"

– ਰੋਮੀਆਂ 3:24, 25

"ਪਰੰਤੂ ਪਰਮੇਸ਼ਰ ਆਪਣਾ ਪ੍ਰੇਮ ਸਾਡੇ ਉੱਤੇ ਇਉਂ ਪਰਗਟ ਕਰਦਾ ਹੈ ਭਈ ਜਾਂ ਅਸੀਂ ਅਜੇ ਪਾਪੀ ਹੀ ਸਾਂ ਤਾਂ ਮਸੀਹ ਸਾਡੇ ਲਈ ਮੋਇਆ। ਸੋ ਜਦੋਂ ਅਸੀਂ ਹੁਣ ਉਹ ਦੇ ਲਹੂ ਨਾਲ ਧਰਮੀ ਠਹਿਰਾਏ ਗਏ ਤਾਂ ਇਸ ਨਾਲੋਂ ਬਹੁਤ ਵੱਧ ਕੇ ਅਸੀਂ ਉਹ ਦੇ ਰਾਹੀਂ ਉਸ ਕ੍ਰੋਧ ਤੋਂ ਬਚ ਜਾਵਾਂਗੇ।" – ਰੋਮੀਆਂ 5:8, 9

"ਤਾਂ ਵੀ ਇਹ ਜਾਣ ਕੇ ਭਈ ਮਨੁੱਖ ਸ਼ਰਾ ਦੇ ਕੰਮਾਂ ਤੋਂ ਨਹੀਂ ਸਗੋਂ ਨਿਰਾ ਯਿਸੂ ਮਸੀਹ ਉੱਤੇ ਨਿਹਚਾ ਕਰਨ ਤੋਂ ਧਰਮੀ ਠਹਿਰਾਇਆ ਜਾਂਦਾ ਹੈ ਅਸਾਂ ਵੀ ਮਸੀਹ ਯਿਸੂ ਉੱਤੇ ਨਿਹਚਾ ਕੀਤੀ. . .।" – ਗਲਾਤੀਆਂ 2:16ੳ

"ਕਿਉਂ ਜੋ ਤੁਸੀਂ ਕਿਰਪਾ ਤੋਂ ਨਿਹਚਾ ਦੇ ਰਾਹੀਂ ਬਚਾਏ ਗਏ ਅਤੇ ਇਹ ਤੁਹਾਡੀ ਵੱਲੋਂ ਨਹੀਂ ਇਹ ਪਰਮੇਸ਼ਰ ਦੀ ਬਖ਼ਸ਼ੀਸ਼ ਹੈ। ਇਹ ਕਰਨੀਆਂ ਤੋਂ ਨਹੀਂ ਅਜਿਹਾ ਨਾ ਹੋਵੇ ਭਈ ਕੋਈ ਘੁਮੰਡ ਕਰੇ।" – ਅਫ਼ਸੀਆਂ 2:8, 9

"ਉਹ ਦੇ ਉੱਤੇ ਸਭ ਨਬੀ ਸਾਖੀ ਦਿੰਦੇ ਹਨ ਕਿ ਜੋ ਕੋਈ ਉਹ ਦੇ ਉੱਤੇ ਨਿਹਚਾ ਕਰੇ ਸੋ ਉਹ ਦੇ ਨਾਮ ਕਰਕੇ ਪਾਪਾਂ ਦੀ ਮਾਫ਼ੀ ਪਾਵੇਗਾ।" – ਰਸੂਲਾਂ. 10:43

"ਅਰ ਕਿਸੇ ਦੂਏ ਤੋਂ ਮੁਕਤੀ ਨਹੀਂ ਕਿਉਂ ਜੋ ਅਕਾਸ਼ ਦੇ ਹੇਠਾਂ ਮਨੁੱਖਾਂ ਵਿੱਚ ਕੋਈ ਦੂਜਾ ਨਾਮ ਨਹੀਂ ਦਿੱਤਾ ਗਿਆ ਜਿਸ ਤੋਂ ਅਸੀਂ ਬਚਾਏ ਜਾਣਾ ਹੈ।"

– ਰਸੂਲਾਂ ਦੇ ਕਰਤੱਬ 4:12

"ਜਿਹ ਦੇ ਵਿੱਚ ਉਸ ਦੇ ਲਹੂ ਦੇ ਦੁਆਰਾ ਸਾਨੂੰ ਨਿਸਤਾਰਾ ਅਰਥਾਤ ਅਪਰਾਧਾਂ ਦੀ ਮਾਫ਼ੀ ਉਹ ਦੀ ਕਿਰਪਾ ਦੇ ਧਨ ਅਨੁਸਾਰ ਮਿਲਦੀ ਹੈ।"

– ਅਫ਼ਸੀਆਂ 1:7

# ਯਿਸੂ ਦੇ ਜਨਮ ਦੀ ਘੋਸ਼ਣਾ

"... ਜਿਬਰਾਏਲ ਦੂਤ ਪਰਮੇਸ਼ਰ ਦੀ ਵੱਲੋਂ ਨਾਸਰਤ ਨਾਮੇ ਗਲੀਲ ਦੇ ਇੱਕ ਨਗਰ ਵਿੱਚ। ਇੱਕ ਕੁਆਰੀ ਦੇ ਕੋਲ ਭੇਜਿਆ ਗਿਆ ਜਿਹ ਦੀ ਕੁੜਮਾਈ ਯੂਸੁਫ਼ ਕਰਕੇ ਦਾਊਦ ਦੇ ਘਰਾਣੇ ਦੇ ਇੱਕ ਪੁਰਸ਼ ਨਾਲ ਹੋਈ ਸੀ ਅਰ ਉਸ ਕੁਆਰੀ ਦਾ ਨਾਉਂ ਸੀ ਮਰਿਯਮ। ਅਤੇ ਉਸ ਨੇ ਉਹ ਦੇ ਕੋਲ ਅੰਦਰ ਆਣ ਕੇ ਕਿਹਾ, ਵਧਾਇਓਂ ਜਿਹ ਦੇ ਉੱਤੇ ਕਿਰਪਾ ਹੋਈ! ਪ੍ਰਭੂ ਤੇਰੇ ਨਾਲ ਹੈ। ਪਰ ਉਹ ਇਸ ਬਚਨ ਤੋਂ ਬਹੁਤ ਘਬਰਾਈ ਅਰ ਸੋਚਣ ਲੱਗੀ ਜੋ ਇਹ ਕਿਹੋ ਜਿਹੀ ਵਧਾਈ ਹੈ? ਦੂਤ ਨੇ ਉਹ ਨੂੰ ਆਖਿਆ, ਹੇ ਮਰਿਯਮ ਨਾ ਡਰ ਕਿਉਂ ਜੋ ਤੇਰੇ ਉੱਤੇ ਪਰਮੇਸ਼ਰ ਦੀ ਕਿਰਪਾ ਹੋਈ। ਅਤੇ ਵੇਖ ਤੂੰ ਗਰਭਵੰਤੀ ਹੋਵੇਂਗੀ ਅਰ ਪੁੱਤਰ ਜਣੇਂਗੀ ਅਤੇ ਉਹ ਦਾ ਨਾਮ ਯਿਸੂ ਰੱਖਣਾ। ਉਹ ਮਹਾਨ ਹੋਵੇਗਾ, ਅਤੇ ਅੱਤ ਮਹਾਨ ਦਾ ਪੁੱਤਰ ਸਦਾਵੇਗਾ, ਅਤੇ ਪ੍ਰਭੂ ਪਰਮੇਸ਼ਰ ਉਹ ਦੇ ਪਿਤਾ ਦਾਊਦ ਦਾ ਤਖ਼ਤ ਉਹ ਨੂੰ ਦੇਵੇਗਾ। ਉਹ ਜੁੱਗੋ ਜੁੱਗ ਯਾਕੂਬ ਦੇ ਘਰਾਣੇ ਉੱਤੇ ਰਾਜ ਕਰੇਗਾ, ਅਤੇ ਉਹ ਦੇ ਰਾਜ ਦਾ ਅੰਤ ਨਾ ਹੋਵੇਗਾ। ਤਦ ਮਰਿਯਮ ਨੇ ਦੂਤ ਨੂੰ ਆਖਿਆ, ਇਹ ਕਿੱਕੁਰ ਹੋਵੇਗਾ ਜਦ ਮੈਂ ਪੁਰਸ਼ ਨੂੰ ਨਹੀਂ ਜਾਣਦੀ। ਦੂਤ ਨੇ ਉਸ ਨੂੰ ਉੱਤਰ ਦਿੱਤਾ ਕਿ ਪਵਿੱਤਰ ਆਤਮਾ ਤੇਰੇ ਉੱਪਰ ਆਵੇਗਾ ਅਰ ਅੱਤ ਮਹਾਨ ਦੀ ਕੁਦਰਤ ਤੇਰੇ ਉੱਤੇ ਛਾਇਆ ਕਰੇਗੀ ਇਸ ਕਰਕੇ ਜਿਹੜਾ ਜੰਮੇਗਾ ਉਹ ਪਵਿੱਤਰ ਅਤੇ ਪਰਮੇਸ਼ਰ ਦਾ ਪੁੱਤਰ ਕਹਾਵੇਗਾ ...ਕਿਉਂਕਿ ਕੋਈ ਬਚਨ ਪਰਮੇਸ਼ਰ ਦੀ ਵੱਲੋਂ ਸ਼ਕਤੀਹੀਣ ਨਾ ਹੋਵੇਗਾ. . .ਤਦ ਦੂਤ ਉਹ ਦੇ ਕੋਲੋਂ ਚੱਲਿਆ ਗਿਆ।" – ਲੂਕਾ 1:26-38

ਇੱਕੋ ਇੱਕ ਮਨੁੱਖ ਜਿਹੜਾ ਕਿ ਆਦਮੀ ਅਤੇ ਔਰਤ ਦੇ ਜਿਨਸੀ ਸਬੰਧਾਂ ਤੋਂ ਬਿਨ੍ਹਾਂ ਸੰਸਾਰ ਦੇ ਵਿੱਚ ਆਇਆ ਸੀ। ਆਦਮ ਪਾਪ ਸੰਸਾਰ ਦੇ ਵਿੱਚ ਲੈ ਕੇ ਆਇਆ, ਪਰ ਯਿਸੂ ਪਾਪ ਤੇ ਜਿੱਤ ਲੈ ਕੇ ਆਇਆ।

"ਤੁਹਾਡਾ ਉਹੋ ਸੁਭਾਉ ਹੋਵੇ ਜੋ ਮਸੀਹ ਯਿਸੂ ਦਾ ਭੀ ਸੀ ਕਿ ਉਸ ਨੇ ਪਰਮੇਸ਼ਰ ਦੇ ਸਰੂਪ ਵਿੱਚ ਹੋ ਕੇ ਪਰਮੇਸ਼ਰ ਦੇ ਤੁੱਲ ਹੋਣਾ ਕਬਜ਼ੇ ਰੱਖਣ ਦੀ ਚੀਜ਼ ਨਾ ਜਾਣਿਆ। ਸਗੋਂ ਉਸ ਨੇ ਆਪਣੇ ਆਪ ਨੂੰ ਸੱਖਣਾ ਕਰ ਕੇ ਦਾਸ ਦਾ ਰੂਪ ਧਾਰਿਆ ਅਤੇ ਮਨੁੱਖਾਂ ਦੀ ਸੂਰਤ ਵਿੱਚ ਜੰਮਿਆ। ਅਤੇ ਮਨੁੱਖ ਦੀ ਸ਼ਕਲ ਵਿੱਚ ਪਰਗਟ ਹੋ ਕੇ ਆਪਣੇ ਆਪ ਨੂੰ ਨੀਵਿਆਂ ਕੀਤਾ ਅਤੇ ਮੌਤ ਤਾਈਂ ਸਗੋਂ ਸਲੀਬ ਦੀ ਮੌਤ ਤਾਈਂ ਆਗਿਆਕਾਰ ਬਣਿਆ।" – ਫ਼ਿਲਿੱਪੀਆਂ 2:5ਅ-8

"ਮੈਂ ਅਰ ਪਿਤਾ ਇੱਕੋ ਹਾਂ। ਤਾਂ ਜਿਹ ਨੂੰ ਪਿਤਾ ਨੇ ਪਵਿੱਤਰ ਕਰ ਕੇ ਜਗਤ ਵਿੱਚ ਘੱਲਿਆ, ਕੀ ਤੁਸੀਂ ਉਹ ਨੂੰ ਇਹ ਆਖਦੇ ਹੋ ਭਈ ਤੂੰ ਕੁਫ਼ਰ ਬਕਦਾ ਹੈਂ ਇਸ ਲਈ ਜੋ ਮੈਂ ਕਿਹਾ ਸੀ ਕਿ ਮੈਂ ਪਰਮੇਸ਼ਰ ਦਾ ਪੁੱਤਰ ਹਾਂ?" – ਯੂਹੰਨਾ 10:30, 36

ਯਿਸੂ, ਸਦੀਪਕ ਵਚਨ, ਸਦਾ ਤੋਂ ਹੋਂਦ ਵਿੱਚ ਸੀ। ਇੱਕ ਚਮਤਕਾਰ ਰਾਹੀਂ, ਪਰਮੇਸ਼ੁਰ ਨੇ ਉਸ ਨੂੰ ਮਰਿਯਮ ਦੀ ਕੁੱਖ ਵਿੱਚ ਰੱਖਿਆ। ਸਰੀਰਕ ਤੌਰ ਤੇ ਵੀ, ਉਸ ਨੂੰ ਮਨੁੱਖ ਦਾ ਪੁੱਤਰ ਆਖਿਆ ਜਾਂਦਾ ਹੈ, ਅਤੇ ਆਤਮਿਕ ਤੌਰ ਤੇ ਉਹ ਪਰਮੇਸ਼ੁਰ ਦਾ ਪੁੱਤਰ ਆਖਿਆ ਜਾਂਦਾ ਹੈ। ਪਵਿੱਤਰ ਵਚਨ ਸ਼ਬਦ "ਪੁੱਤਰ" ਪਰਮੇਸ਼ੁਰ ਅਤੇ ਉਸ ਦੇ ਵਚਨ-ਯਿਸੂ ਮਸੀਹ-ਵਿੱਚਕਾਰ ਸਬੰਧ ਜਿਹੜਾ ਕਿ ਹੋਂਦ ਵਿੱਚ ਸੀ ਦੀ ਵਿਆਖਿਆ ਕਰਨ ਲਈ ਪ੍ਰਯੋਗ ਕਰਦਾ ਹੈ।

"ਇਸ ਲਈ ਉਹ ਸੰਸਾਰ ਵਿੱਚ ਆਉਂਦਾ ਹੋਇਆ ਆਖਦਾ ਹੈ,-ਬਲੀਦਾਨ ਅਰ ਭੇਟ ਤੂੰ ਨਹੀਂ ਚਾਹਿਆ, ਪਰ ਮੇਰੇ ਲਈ ਦੇਹੀ ਤਿਆਰ ਕੀਤੀ।" – ਇਬਰਾਨੀਆਂ 10:5

"ਅਤੇ ਪਵਿੱਤਰਤਾਈ ਦੇ ਆਤਮਾ ਦੇ ਸਰਬੰਧ ਕਰਕੇ ਮੁਰਦਿਆਂ ਵਿੱਚੋਂ ਜੀ ਉੱਠਣ ਤੋਂ ਸਮਰੱਥਾ ਨਾਲ ਪਰਮੇਸ਼ਰ ਦਾ ਪੁੱਤਰ ਸਾਡਾ ਪ੍ਰਭੂ ਯਿਸੂ ਮਸੀਹ ਮਿਥਿਆ ਗਿਆ।" – ਰੋਮੀਆਂ 1:4

"ਥੋਮਾ ਨੇ ਉਹਨੂੰ ਉੱਤਰ ਦਿੱਤਾ, ਹੇ ਮੇਰੇ ਪ੍ਰਭੂ ਅਤੇ ਮੇਰੇ ਪਰਮੇਸ਼ਰ!" – ਯੂਹੰਨਾ 20:28

"ਅਤੇ ਨਿਸੰਗ ਭਗਤੀ ਦਾ ਭੇਤ ਵੱਡਾ ਹੈ,—ਉਹ ਸਰੀਰ ਵਿੱਚ ਪਰਗਟ ਹੋਇਆ, ਆਤਮਾ ਵਿੱਚ ਧਰਮੀ ਠਹਿਰਾਇਆ ਗਿਆ, ਦੂਤਾਂ ਤੋਂ ਵੇਖਿਆ ਗਿਆ, ਕੌਮਾਂ ਵਿੱਚ ਉਹ ਦਾ ਪਰਚਾਰ ਕੀਤਾ ਗਿਆ, ਜਗਤ ਵਿੱਚ ਉਸ ਉੱਤੇ ਨਿਹਚਾ ਕੀਤੀ ਗਈ, ਤੇਜ ਵਿੱਚ ਉਤਾਹਾਂ ਉਠਾ ਲਿਆ ਗਿਆ।" – 1 ਤਿਮੋਥਿਉਸ 3:16

"ਕਿਉਂ ਜੋ ਪਰਮੇਸ਼ਰਤਾਈ ਦੀ ਸਾਰੀ ਭਰਪੂਰੀ ਉਸੇ ਵਿੱਚ ਦੇਹ ਧਾਰੀ ਹੋ ਕੇ ਵੱਸਦੀ ਹੈ।" – ਕੁਲੁੱਸੀਆਂ 2:9

"ਸਾਡੇ ਲਈ ਤਾਂ ਇੱਕ ਬਾਲਕ ਜੰਮਿਆ, ਅਤੇ ਸਾਨੂੰ ਇੱਕ ਪੁੱਤਰ ਬਖ਼ਸ਼ਿਆ ਗਿਆ, ਰਾਜ ਉਹ ਦੇ ਮੋਢੇ ਉੱਤੇ ਹੋਵੇਗਾ, ਅਤੇ ਉਹ ਦਾ ਨਾਮ ਇਉਂ ਸੱਦਿਆ ਜਾਵੇਗਾ, 'ਅਚਰਜ ਸਲਾਹੂ, ਸ਼ਕਤੀਮਾਨ ਪਰਮੇਸ਼ਰ, ਅਨਾਦੀ ਪਿਤਾ, ਸ਼ਾਂਤੀ ਦਾ ਰਾਜ ਕੁਮਾਰ।'" – ਯਸਾਯਾਹ 9:6

"ਯਿਸੂ ਨੇ ਉਨ੍ਹਾਂ ਨੂੰ ਕਿਹਾ, ਮੈਂ ਤੁਹਾਨੂੰ ਸੱਚ ਸੱਚ ਆਖਦਾ ਹਾਂ ਜੋ ਅਬਰਾਹਾਮ ਦੇ ਹੋਣ ਤੋਂ ਪਹਿਲਾਂ ਮੈਂ ਹਾਂ।"
– ਯੂਹੰਨਾ 8:58

"ਉਸ ਵਿੱਚ ਜੀਉਣ ਸੀ ਅਤੇ ਉਹ ਜੀਉਣ ਇਨਸਾਨ ਦਾ ਚਾਨਣ ਸੀ. . . ਉਹ ਜਗਤ ਵਿੱਚ ਸੀ ਅਤੇ ਜਗਤ ਉਸ ਤੋਂ ਰਚਿਆ ਗਿਆ ਪਰ ਜਗਤ ਨੇ ਉਸ ਨੂੰ ਨਾ ਪਛਾਤਾ। ਉਹ ਆਪਣੇ ਘਰ ਆਇਆ ਅਰ ਜਿਹੜੇ ਉਸ ਦੇ ਆਪਣੇ ਸਨ ਉਨ੍ਹਾਂ ਨੇ ਉਸ ਨੂੰ ਕਬੂਲ ਨਾ ਕੀਤਾ।"
– ਯੂਹੰਨਾ 1:4, 9–10

"ਕਿਉਂ ਜੋ ਪਰਮੇਸ਼ਰ ਇੱਕੋ ਹੈ ਅਰ ਪਰਮੇਸ਼ਰ ਅਤੇ ਮਨੁੱਖਾਂ ਵਿੱਚ ਇੱਕੋ ਵਿਚੋਲਾ ਹੈ ਜਿਹੜਾ ਆਪ ਮਨੁੱਖ ਹੈ ਅਰਥਾਤ ਮਸੀਹ ਯਿਸੂ। ਜਿਹ ਨੇ ਆਪਣੇ ਆਪ ਨੂੰ ਸਭਨਾਂ ਲਈ ਪ੍ਰਾਸਚਿਤ ਕਰ ਕੇ ਦੇ ਦਿੱਤਾ ਅਤੇ ਉਹ ਦੀ ਸਾਖੀ ਆਪਣੇ ਵੇਲੇ ਸਿਰ ਹੋਈ।"
– 1 ਤਿਮੋਥਿਉਸ 2:5, 6

"ਉਸ ਦੇ ਵਿੱਚ ਸਾਨੂੰ ਨਿਸਤਾਰਾ ਅਰਥਾਤ ਪਾਪਾਂ ਦੀ ਮਾਫ਼ੀ ਮਿਲਦੀ ਹੈ। ਉਹ ਅਲੱਖ ਪਰਮੇਸ਼ਰ ਦਾ ਰੂਪ ਅਤੇ ਸਾਰੀ ਸਰਿਸ਼ਟ ਵਿੱਚੋਂ ਜੇਠਾ ਹੈ।"
– ਕੁਲੁੱਸੀਆਂ 1:14, 15

"ਕਿਉਂਕਿ ਕੋਈ ਅਗੰਮ ਵਾਕ ਮਨੁੱਖ ਦੀ ਇੱਛਿਆ ਤੋਂ ਕਦੇ ਨਹੀਂ ਆਇਆ ਸਗੋਂ ਮਨੁੱਖ ਪਵਿੱਤਰ ਆਤਮਾ ਦੇ ਉਕਾਸਣ ਨਾਲ ਪਰਮੇਸ਼ਰ ਦੀ ਵੱਲੋਂ ਬੋਲਦੇ ਸਨ।"
– 2 ਪਤਰਸ 1:21

"ਜਿਵੇਂ ਉਸ ਨੇ ਆਪਣੇ ਪਵਿੱਤਰ ਨਬੀਆਂ ਦੀ ਜ਼ਬਾਨੀ ਮੁੱਢੋਂ ਆਖਿਆ,. . . ਭਈ ਉਹ ਦੀ ਪਰਜਾ ਨੂੰ ਮੁਕਤੀ ਦਾ ਗਿਆਨ ਦੇਵੇਂ ਜਿਹੜੀ ਉਨ੍ਹਾਂ ਨੂੰ ਪਾਪਾਂ ਦੀ ਮਾਫ਼ੀ ਤੋਂ ਦਿੰਦੀ ਹੈ।" – ਲੂਕਾ 1:70, 77

"ਯਹੋਵਾਹ ਦਾ ਆਤਮਾ ਮੇਰੇ ਵਿੱਚੋਂ ਬੋਲਿਆ, ਅਤੇ ਉਹ ਦਾ ਬਚਨ ਮੇਰੀ ਜੀਭ ਉੱਤੇ ਸੀ।"
– 2 ਸਮੂਏਲ 23:2

"ਅਤੇ ਏਹ ਗੱਲਾਂ ਜਿਨ੍ਹਾਂ ਦਾ ਮੈਂ ਤੁਹਾਨੂੰ ਅੱਜ ਹੁਕਮ ਦਿੰਦਾ ਹਾਂ ਤੁਹਾਡੇ ਹਿਰਦੇ ਉੱਤੇ ਹੋਣ।"
– ਬਿਵਸਥਾ ਸਾਰ 6:6

"ਸਾਰੀ ਲਿਖਤ ਪਰਮੇਸ਼ਰ ਦੇ ਆਤਮਾ ਤੋਂ ਹੈ ਅਤੇ ਸਿੱਖਿਆ, ਤਾੜਨ, ਸੁਧਾਰਨ ਅਤੇ ਧਰਮ ਦੇ ਗਿਝਾਉਣ ਲਈ ਗੁਣਕਾਰ ਹੈ।"
– 2 ਤਿਮੋਥਿਉਸ 3:16

"ਕਿਉਂਕਿ ਜੋ ਕੁਝ ਅੱਗੇ ਲਿਖਿਆ ਗਿਆ ਸੋ ਸਾਡੀ ਸਿੱਖਿਆ ਦੇ ਲਈ ਲਿਖਿਆ ਗਿਆ ਭਈ ਅਸੀਂ ਧੀਰਜ ਤੋਂ ਅਤੇ ਧਰਮ ਪੁਸਤਕ ਦੇ ਦਿਲਾਸੇ ਤੋਂ ਆਸਾ ਰੱਖੀਏ।" – ਰੋਮੀਆਂ 15:4

"ਯਿਸੂ ਨੇ ਉਨ੍ਹਾਂ ਨੂੰ ਉੱਤਰ ਦਿੱਤਾ, ਤੁਸੀਂ ਕਿਤਾਬਾਂ ਅਰ ਪਰਮੇਸ਼ਰ ਦੀ ਸਮਰੱਥਾ ਨੂੰ ਨਾ ਜਾਣ ਕੇ ਭੁੱਲ ਵਿੱਚ ਪਏ ਹੋ।" – ਮੱਤੀ 22:29

"...ਕਿਉਂ ਜੋ ਤੈਂ ਸਭ ਦੇ ਉੱਤੇ ਆਪਣੇ ਨਾਮ ਨੂੰ, ਆਪਣੇ ਬਚਨ ਨੂੰ ਵਡਿਆਇਆ!" – ਜ਼ਬੂਰ 138:2

"ਅਤੇ ਉਹ ਇੱਕ ਬਸਤਰ ਲਹੂ ਨਾਲ ਛਿੜਕਿਆ ਹੋਇਆ ਪਹਿਨੇ ਹੋਏ ਹੈ ਅਤੇ ਉਹ ਦਾ ਨਾਮ ਪਰਮੇਸ਼ਰ ਦਾ ਸ਼ਬਦ ਅਖਵਾਉਂਦਾ ਹੈ।"

– ਪਰਕਾਸ਼ ਦੀ ਪੋਥੀ 19:13

"ਆਦ ਵਿੱਚ ਸ਼ਬਦ ਸੀ ਅਰ ਸ਼ਬਦ ਪਰਮੇਸ਼ਰ ਦੇ ਸੰਗ ਸੀ ਅਤੇ ਸ਼ਬਦ ਪਰਮੇਸ਼ਰ ਸੀ। ਅਤੇ ਵਚਨ ਦੇਹਧਾਰੀ ਹੋ ਕੇ ਸਾਡੇ ਵਿੱਚ ਵੱਸਿਆ।"

– ਯੂਹੰਨਾ 1:1, 14

## ਯਿਸੂ ਪਰਮੇਸ਼ੁਰ ਨੂੰ ਪ੍ਰਗਟ ਕਰਦਾ ਹੈ

"ਕਿਸੇ ਨੇ ਪਰਮੇਸ਼ਰ ਨੂੰ ਕਦੇ ਨਹੀਂ ਵੇਖਿਆ ਇਕਲੌਤਾ ਪੁੱਤਰ ਜਿਹੜਾ ਪਿਤਾ ਦੀ ਗੋਦ ਵਿੱਚ ਹੈ ਉਸੇ ਨੇ ਉਹ ਨੂੰ ਪਰਗਟ ਕੀਤਾ।" – ਯੂਹੰਨਾ 1:18

"ਕਿਉਂ ਜੋ ਪਰਮੇਸ਼ਰ ਜਿਹ ਨੇ ਆਖਿਆ ਸੀ ਜੋ ਅਨ੍ਹੇਰਿਓਂ ਚਾਨਣ ਚਮਕੇ ਉਹ ਸਾਡਿਆਂ ਮਨਾਂ ਵਿੱਚ ਚਮਕਿਆ ਭਈ ਪਰਮੇਸ਼ਰ ਦੇ ਤੇਜ ਦਾ ਗਿਆਨ ਮਸੀਹ ਦੇ ਮੁਖ ਵਿੱਚ ਪਰਕਾਸ਼ ਕਰੇ।"

– 2 ਕੁਰਿੰਥੀਆਂ 4:6

## ਪਰਮੇਸ਼ੁਰ ਯਿਸੂ ਦੇ ਰਾਹੀਂ ਗੱਲਬਾਤ ਕਰਦਾ ਹੈ

"ਪਰਮੇਸ਼ਰ ਨੇ ਜਿਨ ਪਿੱਛਲਿਆਂ ਸਮਿਆਂ ਵਿੱਚ ਨਬੀਆਂ ਦੇ ਰਾਹੀਂ ਸਾਡੇ ਵੱਡਿਆਂ ਨਾਲ ਕਈਆਂ ਹਿੱਸਿਆਂ ਵਿੱਚ ਅਤੇ ਕਈ ਤਰਾਂ ਨਾਲ ਗੱਲ ਕੀਤੀ ਸੀ। ਇਨ੍ਹਾਂ ਦਿਨਾਂ ਦੇ ਅੰਤ ਵਿੱਚ ਸਾਡੇ ਨਾਲ ਪੁੱਤਰ ਦੇ ਰਾਹੀਂ ਗੱਲ ਕੀਤੀ ਜਿਹ ਨੂੰ ਉਹ ਨੇ ਸਭਨਾਂ ਵਸਤਾਂ ਦਾ ਵਾਰਸ ਬਣਾਇਆ ਅਤੇ ਓਸੇ ਦੇ ਵਸੀਲੇ ਉਹ ਨੇ ਜਹਾਨ ਵੀ ਰਚੇ।" – ਇਬਰਾਨੀਆਂ 1:1, 2

"ਜਿਹੜਾ ਮੈਨੂੰ ਪਿਆਰ ਨਹੀਂ ਕਰਦਾ ਉਹ ਮੇਰੇ ਬਚਨਾਂ ਦੀ ਪਾਲਨਾ ਨਹੀਂ ਕਰਦਾ ਅਤੇ ਇਹ ਬਚਨ ਜੋ ਤੁਸੀਂ ਸੁਣਦੇ ਹੋ ਮੇਰਾ ਨਹੀਂ ਸਗੋਂ ਪਿਤਾ ਦਾ ਹੈ ਜਿਨ ਮੈਨੂੰ ਘੱਲਿਆ।" – ਯੂਹੰਨਾ 14:24

# ਲਿਖਤੀ ਅਤੇ ਜੀਉਂਦੇ ਵਚਨ ਦੀ ਤੁਲਨਾ ਕੀਤੀ ਗਈ ਹੈ

## ਬਾਈਬਲ ਪ੍ਰਾਣ ਦੇ ਲਈ ਭੋਜਨ ਹੈ

". . .ਉਹ ਦੇ ਮੂੰਹ ਦਿਆਂ ਵਾਕਾਂ ਦੀ ਮੈਂ ਆਪਣੇ ਜਰੂਰੀ ਭੋਜਨ ਨਾਲੋਂ ਵਧੀਕ ਕਦਰ ਕੀਤੀ।"
– ਅੱਯੂਬ 23:12

". . .ਭਈ ਇਨਸਾਨ ਨਿਰੀ ਰੋਟੀ ਨਾਲ ਹੀ ਜੀਉਂਦਾ ਨਹੀਂ ਰਹੇਗਾ ਪਰ ਹਰੇਕ ਵਾਕ ਨਾਲ ਜਿਹੜਾ ਪਰਮੇਸ਼ਰ ਦੇ ਮੁਖੋਂ ਨਿੱਕਲਦਾ ਹੈ।" – ਮੱਤੀ 4:4

## ਬਾਈਬਲ ਸਾਡੇ ਪੈਰਾਂ ਲਈ ਚਾਨਣ ਹੈ

"ਤੇਰਾ ਬਚਨ ਮੇਰੇ ਪੈਰਾਂ ਲਈ ਦੀਪਕ, ਅਤੇ ਮੇਰੇ ਰਾਹ ਦਾ ਚਾਨਣ ਹੈ।" – ਜ਼ਬੂਰ 119:105

"ਤੇਰੇ ਬਚਨਾਂ ਦਾ ਖੋਲ੍ਹਣਾ ਚਾਨਣ ਦਿੰਦਾ ਹੈ, ਉਹ ਸਿੱਧੇ ਸਾਧੇ ਲੋਕਾਂ ਨੂੰ ਸਮਝ ਬਖ਼ਸ਼ਦਾ ਹੈ।"
– ਜ਼ਬੂਰ 119:130

## ਯਿਸੂ ਸਵਰਗੀ ਰੋਟੀ ਹੈ

"ਉਹ ਜੀਉਂਦੀ ਰੋਟੀ ਜੋ ਸੁਰਗੋਂ ਉਤਰੀ ਸੋ ਮੈਂ ਹਾਂ। ਜੇ ਕੋਈ ਇਸ ਰੋਟੀਓਂ ਕੁਝ ਖਾਵੇ ਤਾਂ ਉਹ ਸਦਾ ਤੀਕੁ ਜੀਉਂਦਾ ਰਹੇਗਾ ਅਤੇ ਜੋ ਰੋਟੀ ਮੈਂ ਦਿਆਂਗਾ ਸੋ ਮੇਰਾ ਮਾਸ ਹੈ ਜਿਹੜਾ ਜਗਤ ਦੇ ਜੀਉਣ ਲਈ ਮੈਂ ਦਿਆਂਗਾ। ਜੀਉਣ ਦੀ ਰੋਟੀ ਮੈਂ ਹਾਂ।"
– ਯੂਹੰਨਾ 6:51, 48

## ਯਿਸੂ ਜਗਤ ਦਾ ਚਾਨਣ ਹੈ

"ਉਸ ਵਿੱਚ ਜੀਉਣ ਸੀ ਅਤੇ ਉਹ ਜੀਉਣ ਇਨਸਾਨ ਦਾ ਚਾਨਣ ਸੀ। ਉਪਰੰਤ ਯਿਸੂ ਨੇ ਫੇਰ ਉਨ੍ਹਾਂ ਨੂੰ ਆਖਿਆ ਕਿ ਜਗਤ ਦਾ ਚਾਨਣ ਮੈਂ ਹਾਂ। ਜਿਹੜਾ ਮੇਰੇ ਪਿੱਛੇ ਤੁਰਦਾ ਹੈ ਅਨ੍ਹੇਰੇ ਵਿੱਚ ਕਦੇ ਨਾ ਚੱਲੇਗਾ ਸਗੋਂ ਉਹ ਦੇ ਕੋਲ ਜੀਉਣ ਦਾ ਚਾਨਣ ਹੋਵੇਗਾ।"
– ਯੂਹੰਨਾ 1:4, 8:12

"ਪਰ ਉਹ ਯਹੋਵਾਹ ਦੀ ਬਿਵਸਥਾ ਵਿੱਚ ਮਗਨ ਰਹਿੰਦਾ, ਅਤੇ ਦਿਨ ਰਾਤ ਉਸ ਦੀ ਬਿਵਸਥਾ ਉੱਤੇ ਧਿਆਨ ਕਰਦਾ ਹੈ।ਉਹ ਤਾਂ ਉਸ ਬਿਰਛ ਵਰਗਾ ਹੋਵੇਗਾ, ਜੋ ਪਾਣੀ ਦੀਆਂ ਨਦੀਆਂ ਉੱਤੇ ਲਾਇਆ ਹੋਇਆ ਹੈ, ਜਿਹੜਾ ਰੁਤ ਸਿਰ ਆਪਣਾ ਫਲ ਦਿੰਦਾ ਹੈ, ਜਿਹ ਦੇ ਪੱਤੇ ਨਹੀਂ ਕੁਮਲਾਉਂਦੇ, ਅਤੇ ਜੋ ਕੁਝ ਉਹ ਕਰੇ ਸੋ ਸਫ਼ਲ ਹੁੰਦਾ ਹੈ। " – ਜ਼ਬੂਰ 1:2, 3



"ਤੁਸੀਂ ਮੇਰੇ ਵਿੱਚ ਰਹੋ ਅਤੇ ਮੈਂ ਤੁਹਾਡੇ ਵਿੱਚ। ਜਿਸ ਪਰਕਾਰ ਟਹਿਣੀ ਜੇ ਉਹ ਅੰਗੂਰ ਦੀ ਬੇਲ ਵਿੱਚ ਨਾ ਰਹੇ ਆਪਣੇ ਆਪ ਫਲ ਨਹੀਂ ਦੇ ਸੱਕਦੀ ਇਸੇ ਪਰਕਾਰ ਤੁਸੀਂ ਵੀ ਜੇ ਮੇਰੇ ਵਿੱਚ ਨਾ ਰਹੋ ਫਲ ਨਹੀਂ ਦੇ ਸੱਕਦੇ। ਅੰਗੂਰ ਦੀ ਬੇਲ ਮੈਂ ਹਾਂ, ਤੁਸੀਂ ਟਹਿਣੀਆਂ ਹੋ। ਜੋ ਮੇਰੇ ਵਿੱਚ ਰਹਿੰਦਾ ਹੈ ਅਤੇ ਮੈਂ ਉਸ ਵਿੱਚ ਸੋਈ ਬਹੁਤਾ ਫਲ ਦਿੰਦਾ ਹੈ ਕਿਉਂ ਜੋ ਮੈਥੋਂ ਵੱਖਰੇ ਹੋ ਕੇ ਤੁਸੀਂ ਕੁਝ ਨਹੀਂ ਕਰ ਸੱਕਦੇ। " – ਯੂਹੰਨਾ 15:4, 5

## ਪਵਿੱਤਰ ਸ਼ਾਸਤਰ ਯਿਸੂ ਮਸੀਹ ਦੇ ਬਾਰੇ ਦੱਸਦਾ ਹੈ

"ਤੁਸੀਂ ਲਿਖਤਾਂ ਨੂੰ ਭਾਲਦੇ ਹੋ ਕਿਉਂਕਿ ਤੁਸੀਂ ਸਮਝਦੇ ਹੋ ਭਈ ਇਨ੍ਹਾਂ ਵਿੱਚ ਸਾਨੂੰ ਸਦੀਪਕ ਜੀਉਣ ਮਿਲਦਾ ਹੈ ਅਤੇ ਮੇਰੇ ਹੱਕ ਵਿੱਚ ਜੋ ਸਾਖੀ ਦਿੰਦੇ ਹਨ। ਜੇ ਤੁਸੀਂ ਮੂਸਾ ਦੀ ਪਰਤੀਤ ਕਰਦੇ ਤਾਂ ਮੇਰੀ ਵੀ ਪਰਤੀਤ ਕਰਦੇ ਕਿਉਂ ਜੋ ਉਸ ਨੇ ਮੇਰੇ ਹੱਕ ਵਿੱਚ ਲਿਖਿਆ ਸੀ। "
– ਯੂਹੰਨਾ 5:39, 46

"ਅਤੇ ਮੂਸਾ ਅਰ ਸਭਨਾਂ ਨਬੀਆਂ ਤੋਂ ਸ਼ੁਰੂ ਕਰ ਕੇ ਉਸ ਨੇ ਓਹਨਾਂ ਨੂੰ ਉਨ੍ਹਾਂ ਗੱਲਾਂ ਦਾ ਅਰਥ ਦੱਸਿਆ ਜਿਹੜੀਆਂ ਸਭਨਾਂ ਪੁਸਤਕਾਂ ਵਿੱਚ ਉਹ ਦੇ ਹੱਕ ਵਿੱਚ ਲਿਖੀਆਂ ਹੋਈਆਂ ਸਨ। " – ਲੂਕਾ 24:27

# ਪਰਮੇਸ਼ੁਰ ਦਾ ਸਦੀਪਕ ਜੀਵਨ ਕਦੇ ਬਦਲਦਾ ਨਹੀਂ ਹੈ

"ਹੇ ਯਹੋਵਾਹ, ਸਦਾ ਤੀਕ ਤੇਰਾ ਬਚਨ ਅਕਾਸ਼ ਉੱਤੇ ਇਸਥਿਰ ਹੈ!" – ਜ਼ਬੂਰ 119:89

"ਤੇਰੇ ਬਚਨ ਦਾ ਤਾਤ ਪਰਜ ਸਚਿਆਈ ਹੈ, ਅਤੇ ਤੇਰੇ ਧਰਮ ਦਾ ਸਾਰਾ ਨਿਆਉਂ ਸਦਾ ਤੀਕ ਹੈ।"
– ਜ਼ਬੂਰ 119:160

"ਘਾਹ ਸੁੱਕ ਜਾਂਦਾ ਅਤੇ ਫੁੱਲ ਕੁਮਲਾ ਜਾਂਦਾ ਹੈ, ਪਰ ਸਾਡੇ ਪਰਮੇਸ਼ਰ ਦਾ ਬਚਨ ਸਦਾ ਤੀਕ ਕਾਇਮ ਰਹੇਗਾ।" – ਯਸਾਯਾਹ 40:8

"ਕਿਉਂ ਜੋ ਮੈਂ ਤੁਹਾਨੂੰ ਸਤ ਆਖਦਾ ਹਾਂ ਕਿ ਜਿੰਨਾ ਚਿਰ ਅਕਾਸ਼ ਅਤੇ ਧਰਤੀ ਟਲ ਨਾ ਜਾਣ ਇੱਕ ਅੱਖਰ ਯਾ ਇੱਕ ਬਿੰਦੀ ਵੀ ਤੁਰੇਤ ਦੀ ਨਾ ਟਲੇਗੀ ਜਦ ਤੀਕ ਸਭ ਕੁਝ ਪੂਰਾ ਨਾ ਹੋਵੇ।" – ਮੱਤੀ 5:18

"...ਅਤੇ ਲਿਖਤ ਖੰਡਣ ਨਹੀਂ ਹੋ ਸੱਕਦੀ।"
– ਯੂਹੰਨਾ 10:35

## ਮਨੁੱਖ ਬਾਈਬਲ ਨੂੰ ਬਦਲਣ ਦੀ ਹਿੰਮਤ ਨਹੀਂ ਕਰ ਸਕਦਾ

"ਜੋ ਹੁਕਮ ਮੈਂ ਤੁਹਾਨੂੰ ਦਿੰਦਾ ਹਾਂ ਉਸ ਦੀ ਪਾਲਨਾ ਕਰਿਓ, ਨਾ ਉਸ ਵਿੱਚ ਕੁਝ ਵਧਾਇਓ, ਨਾ ਉਸ ਵਿੱਚੋਂ ਕੁਝ ਘਟਾਇਓ।" – ਬਿਵਸਥਾ ਸਾਰ 12:32

"ਤੂੰ ਉਹ ਦੇ ਬਚਨਾਂ ਵਿੱਚ ਕੁਝ ਨਾ ਵਧਾ।"
– ਕਹਾਉਤਾਂ 30:6

"ਅਤੇ ਜੇ ਕੋਈ ਇਸ ਅਗੰਮ ਵਾਕ ਦੀ ਪੋਥੀ ਦੀਆਂ ਬਾਣੀਆਂ ਵਿੱਚੋਂ ਕੁਝ ਘਟਾਵੇ ਤਾਂ ਜੀਵਨ ਦੇ ਬਿਰਛ ਤੋਂ ਅਤੇ ਪਵਿੱਤਰ ਨਗਰੀ ਵਿੱਚੋਂ ਅਰਥਾਤ ਉਨ੍ਹਾਂ ਗੱਲਾਂ ਵਿੱਚੋਂ ਜਿਹੜੀਆਂ ਇਸ ਪੋਥੀ ਵਿੱਚ ਲਿਖੀਆਂ ਹੋਈਆਂ ਹਨ ਪਰਮੇਸ਼ਰ ਉਹ ਦਾ ਹਿੱਸਾ ਘਟਾਵੇਗਾ।"
– ਪਰਕਾਸ਼ ਦੀ ਪੋਥੀ 22:19

"ਜਿਹੜਾ ਬਚਨ ਨੂੰ ਤੁੱਛ ਜਾਣਦਾ ਹੈ ਉਹ ਆਪਣਾ ਨਾਸ ਕਰਦਾ ਹੈ. . .।" – ਕਹਾਉਤਾਂ 13:13

"ਪਿਤਾ ਮੈਨੂੰ ਇਸ ਲਈ ਪਿਆਰ ਕਰਦਾ ਹੈ ਕਿ ਮੈਂ ਆਪਣੀ ਜਾਨ ਦਿੰਦਾ ਹਾਂ ਤਾਂ ਜੋ ਉਹ ਨੂੰ ਫੇਰ ਲਵਾਂ। ਕੋਈ ਉਸ ਨੂੰ ਮੈਥੋਂ ਖੋਹੰਦਾ ਨਹੀਂ ਪਰ ਮੈਂ ਆਪੇ ਉਸ ਨੂੰ ਦਿੰਦਾ ਹਾਂ. . .।" – ਯੂਹੰਨਾ 10:17, 18

"ਯਿਸੂ ਨੇ ਉਹ ਨੂੰ ਉੱਤਰ ਦਿੱਤਾ ਜੇ ਤੈਨੂੰ ਇਹ ਉੱਪਰੋਂ ਨਾ ਦਿੱਤਾ ਜਾਂਦਾ ਤਾਂ ਮੇਰੇ ਉੱਤੇ ਤੇਰਾ ਕੁਝ ਵੱਸ ਨਾ ਚੱਲਦਾ. . .।" – ਯੂਹੰਨਾ 19:11

"ਕੀ ਤੂੰ ਇਹ ਸਮਝਦਾ ਹੈਂ ਜੋ ਮੈਂ ਆਪਣੇ ਪਿਤਾ ਕੋਲੋਂ ਬੇਨਤੀ ਨਹੀਂ ਕਰ ਸੱਕਦਾ ਅਤੇ ਉਹ ਹੁਣੇ ਦੂਤਾਂ ਦੀਆਂ ਬਾਰਾਂ ਫੌਜਾਂ ਤੋਂ ਵਧੀਕ ਮੇਰੇ ਕੋਲ ਹਾਜਰ ਨਾ ਕਰੇਗਾ? ਫੇਰ ਓਹ ਲਿਖਤਾਂ ਭਈ ਅਜਿਹਾ ਹੋਣਾ ਜਰੂਰ ਹੈ ਕਿੱਕੁਰ ਪੂਰੀਆਂ ਹੁੰਦੀਆਂ?" – ਮੱਤੀ 26:53, 54

"ਪਰ ਜਿਨ੍ਹਾਂ ਗੱਲਾਂ ਦੀ ਪਰਮੇਸ਼ਰ ਨੇ ਸਭਨਾਂ ਨਬੀਆਂ ਦੀ ਜ਼ਬਾਨੀ ਅਗੇਤੀ ਖਬਰ ਦਿੱਤੀ ਸੀ ਭਈ ਮੇਰਾ ਮਸੀਹ ਨੇ ਦੁੱਖ ਝੱਲਣਾ ਹੈ ਸੋ ਉਸ ਨੇ ਇਉਂ ਪੂਰੀਆਂ ਕੀਤੀਆਂ।" – ਰਸੂਲਾਂ ਦੇ ਕਰਤੱਬ 3:18

"ਉਸੇ ਨੂੰ ਜਦ ਪਰਮੇਸ਼ਰ ਦੀ ਠਹਿਰਾਈ ਹੋਈ ਮੱਤ ਅਤੇ ਅਗੰਮ ਗਿਆਨ ਦੇ ਅਨੁਸਾਰ ਹਵਾਲੇ ਕੀਤਾ ਗਿਆ ਤੁਸਾਂ ਬੁਰਿਆਰਾਂ ਦੇ ਹੱਥੀਂ ਸਲੀਬ ਦੇ ਕੇ ਮਰਵਾ ਦਿੱਤਾ।" – ਰਸੂਲਾਂ ਦੇ ਕਰਤੱਬ 2:23

"ਪਰ ਯਹੋਵਾਹ ਨੂੰ ਭਾਇਆ ਕਿ ਉਸ ਨੂੰ ਕੁਚਲੇ ਅਤੇ ਸੋਗ ਵਿੱਚ ਪਾਵੇ। ਜਦ ਤੂੰ ਉਸ ਦੀ ਜਾਨ ਨੂੰ ਦੋਸ਼ ਦੀ ਬਲੀ ਠਹਿਰਾਵੇਂ, ਤਾਂ ਉਹ ਆਪਣੀ ਅੰਸ ਨੂੰ ਵੇਖੇਗਾ. . .।" – ਯਸਾਯਾਹ 53:10

"ਕੀ ਮਸੀਹ ਨੂੰ ਜ਼ਰੂਰੀ ਨਾ ਸੀ ਜੋ ਏਹ ਕਸ਼ਟ ਭੋਗ ਕੇ ਆਪਣੇ ਤੇਜ ਵਿੱਚ ਪ੍ਰਵੇਸ ਕਰੇ?" – ਲੂਕਾ 24:26

# ਗਵਾਹਾਂ ਦੇ ਦੁਆਰਾ ਯਿਸੂ ਦੀ ਮੌਤ ਦੀ ਘੋਸ਼ਣਾ

"ਉਨ੍ਹਾਂ ਨੇ ਉਹ ਦੇ ਨਾਲ ਦੋ ਡਾਕੂਆਂ ਨੂੰ ਇੱਕ ਉਹ ਦੇ ਸੱਜੇ ਅਤੇ ਦੂਆ ਉਹ ਦੇ ਖੱਬੇ ਸਲੀਬ ਉੱਤੇ ਚੜ੍ਹਾਇਆ। ਤਦ ਪਵਿੱਤਰ ਸ਼ਾਸਤਰ ਦਾ ਇਹ ਵਚਨ ਪੂਰਾ ਹੋਇਆ ਕਿ ਉਹ ਅਪਰਾਧੀਆਂ ਤੇ ਸੰਗ ਗਿਣਿਆ ਗਿਆ।" – ਮਰਕੁਸ 15:27, 28

"ਤਦ ਸਿਪਾਹੀਆਂ ਨੇ ਆਣ ਕੇ ਪਹਿਲੇ ਦੀਆਂ ਲੱਤਾਂ ਤੋੜੀਆਂ ਅਤੇ ਪਿੱਛੋਂ ਦੂਏ ਦੀਆਂ ਵੀ ਜਿਹੜਾ ਉਹ ਦੇ ਨਾਲ ਸਲੀਬ ਉੱਤੇ ਚੜ੍ਹਾਇਆ ਹੋਇਆ ਸੀ। ਪਰ ਯਿਸੂ ਦੇ ਕੋਲ ਆਣ ਕੇ ਜਾਂ ਉਨ੍ਹਾਂ ਵੇਖਿਆ ਜੋ ਉਹ ਮਰ ਚੁੱਕਿਆ ਹੈ ਤਾਂ ਉਹ ਦੀਆਂ ਲੱਤਾਂ ਨਾ ਤੋੜੀਆਂ। ਪਰ ਸਿਪਾਹੀਆਂ ਵਿੱਚੋਂ ਇੱਕ ਨੇ ਬਰਛੀ ਨਾਲ ਉਹ ਦੀ ਵੱਖੀ ਵਿੰਨ੍ਹੀ ਅਤੇ ਓਵੇਂ ਹੀ ਲਹੂ ਅਤੇ ਪਾਣੀ ਨਿੱਕਲਿਆ। ਅਰ ਜਿਹ ਨੇ ਇਹ ਵੇਖਿਆ ਹੈ ਉਹ ਨੇ ਸਾਖੀ ਦਿੱਤੀ ਹੈ ਅਤੇ ਉਹ ਦੀ ਸਾਖੀ ਸਤ ਹੈ ਅਰ ਉਹ ਜਾਣਦਾ ਹੈ ਭਈ ਸਤ ਆਖਦਾ ਹੈ ਇਸ ਲਈ ਜੋ ਤੁਸੀਂ ਵੀ ਨਿਹਚਾ ਕਰੋ। ਕਿਉਂਕਿ ਏਹ ਗੱਲਾਂ ਇਸ ਲਈ ਹੋਈਆਂ ਜੋ ਇਹ ਲਿਖਤ ਪੂਰੀ ਹੋਵੇ ਭਈ ਉਹ ਦੀ ਕੋਈ ਹੱਡੀ ਤੋੜੀ ਨਾ ਜਾਵੇਗੀ। ਫੇਰ ਇਹ ਦੂਜੀ ਲਿਖਤ ਹੈ ਕਿ ਜਿਸ ਨੂੰ ਉਨ੍ਹਾਂ ਨੇ ਵਿੰਨ੍ਹਿਆ ਹੈ ਓਹ ਉਸ ਉੱਤੇ ਨਿਗਾਹ ਕਰਨਗੇ।" – ਯੂਹੰਨਾ 19:32-37

"ਦੁਪਹਿਰਾਂ ਤੋਂ ਲੈਕੇ ਤੀਏ ਪਹਿਰ ਤੀਕਰ ਸਾਰੀ ਧਰਤੀ ਉੱਤੇ ਅਨ੍ਹੇਰਾ ਰਿਹਾ। ਯਿਸੂ ਨੇ ਫੇਰ ਉੱਚੀ ਅਵਾਜ਼ ਨਾਲ ਪੁਕਾਰ ਕੇ ਜਾਨ ਦੇ ਦਿੱਤੀ। ਅਰ ਵੇਖੋ, ਹੈਕਲ ਦਾ ਪੜਦਾ ਉੱਪਰੋਂ ਲੈਕੇ ਹੇਠਾਂ ਤਾਈਂ ਪਾਟ ਕੇ ਦੋ ਹੋ ਗਿਆ ਅਤੇ ਧਰਤੀ ਕੰਬੀ ਅਤੇ ਪੱਥਰ ਤਿੜਕ ਗਏ। ਸੂਬੇਦਾਰ ਅਰ ਜਿਹੜੇ ਉਹ ਦੇ ਨਾਲ ਯਿਸੂ ਦੀ ਰਾਖੀ ਕਰਦੇ ਸਨ ਭੁਚਾਲ ਅਤੇ ਸਾਰੀ ਵਾਰਤਾ ਵੇਖ ਕੇ ਬਹੁਤ ਡਰੇ ਅਤੇ ਬੋਲੇ, ਇਹ ਸੱਚ ਮੁੱਚ ਪਰਮੇਸ਼ਰ ਦਾ ਪੁੱਤਰ ਸੀ!" – ਮੱਤੀ 27:45, 50-51, 54

"ਉਸੇ ਨੂੰ ਪਰਮੇਸ਼ਰ ਨੇ ਕਾਲ ਦੇ ਬੰਧਨ ਖੋਲ੍ਹ ਕੇ ਜਿਵਾਲਿਆ ਕਿਉਂ ਜੋ ਇਹ ਅਣਹੋਣਾ ਸੀ ਕਿ ਉਹ ਉਸ ਦੇ ਵੱਸ ਰਹੇ। ਉਸੇ ਯਿਸੂ ਨੂੰ ਪਰਮੇਸ਼ਰ ਨੇ ਜੀਉਂਦਾ ਉਠਾਇਆ ਜਿਹ ਦੇ ਅਸੀਂ ਸੱਭੇ ਗਵਾਹ ਹਾਂ।" – ਰਸੂਲਾਂ ਦੇ ਕਰਤੱਬ 2:24, 32

"ਸੋ ਜਦ ਬਾਲਕ ਲਹੂ ਅਤੇ ਮਾਸ ਵਿੱਚ ਸਾਂਝੀ ਹੁੰਦੇ ਹਨ ਤਾਂ ਉਨ੍ਹਾਂ ਵਾਂਙੁ ਉਹ ਆਪ ਵੀ ਇਨ੍ਹਾਂ ਹੀ ਵਿੱਚ ਭਿਆਲ ਬਣਿਆ ਤਾਂ ਜੋ ਮੌਤ ਦੇ ਰਾਹੀਂ ਉਹ ਉਸ ਨੂੰ ਜਿਹ ਦੇ ਵੱਸ ਵਿੱਚ ਮੌਤ ਹੈ ਅਰਥਾਤ ਸ਼ਤਾਨ ਨੂੰ ਨਾਸ ਕਰੇ। ਅਤੇ ਉਨ੍ਹਾਂ ਨੂੰ ਜਿਹੜੇ ਮੌਤ ਦੇ ਡਰ ਤੋਂ ਸਾਰੀ ਉਮਰ ਗੁਲਾਮੀ ਵਿੱਚ ਫਸੇ ਹੋਏ ਸਨ ਛੁਡਾਵੇ।"

– ਇਬਰਾਨੀਆਂ 2:14, 15

"ਹੇ ਮੌਤ, ਤੇਰੀ ਫਤਹ ਕਿੱਥੇ ਹੈ? ਹੇ ਮੌਤ, ਤੇਰਾ ਡੰਗ ਕਿੱਥੇ ਹੈ? ਪਰ ਧੰਨਵਾਦ ਹੈ ਪਰਮੇਸ਼ਰ ਦਾ ਜੋ ਸਾਨੂੰ ਸਾਡੇ ਪ੍ਰਭੁ ਯਿਸੂ ਮਸੀਹ ਦੇ ਰਾਹੀਂ ਫਤਹ ਬਖਸ਼ਦਾ ਹੈ!" – 1 ਕੁਰਿੰਥੀਆਂ 15:55, 57

"ਅਤੇ ਜੀਉਂਦਾ ਹਾਂ। ਮੈਂ ਮੁਰਦਾ ਸਾਂ ਅਰ ਵੇਖ, ਮੈਂ ਜੁੱਗੋ ਜੁੱਗ ਜੀਉਂਦਾ ਹਾਂ ਅਤੇ ਮੌਤ ਅਤੇ ਪਤਾਲ ਦੀਆਂ ਕੁੰਜੀਆਂ ਮੇਰੇ ਕੋਲ ਹਨ।"

– ਪਰਕਾਸ਼ ਦੀ ਪੋਥੀ 1:18

". . .ਸਗੋਂ ਪਰਮੇਸ਼ਰ ਦੀ ਸਮਰੱਥਾ ਦੇ ਅਨੁਸਾਰ ਖੁਸ਼ ਖਬਰੀ ਲਈ ਦੁੱਖਾਂ ਵਿੱਚ ਮੇਰੇ ਨਾਲ ਸਾਂਝੀ ਹੋਵੀਂ। ਪਰ ਹੁਣ ਸਾਡੇ ਮੁਕਤੀ ਦਾਤਾ ਮਸੀਹ ਯਿਸੂ ਦੇ ਪਰਕਾਸ਼ ਹੋਣ ਤੋਂ ਪਰਗਟ ਹੋਈ ਜਦੋਂ ਉਸ ਨੇ ਮੌਤ ਦਾ ਨਾਸ ਕਰ ਦਿੱਤਾ ਅਤੇ ਜੀਵਨ ਅਤੇ ਅਬਨਾਸ ਨੂੰ ਖੁਸ਼ ਖਬਰੀ ਦੇ ਰਾਹੀਂ ਪਰਕਾਸ਼ ਕੀਤਾ।"– 2 ਤਿਮੋਥਿਉਸ 1:8, 10

". . . ਉਸ ਤੇ ਅਗਾਹਾਂ ਨੂੰ ਮੌਤ ਦਾ ਓਸ ਉੱਤੇ ਵੱਸ ਨਹੀਂ।" – ਰੋਮੀਆਂ 6:9

# ਸਾਨੂੰ ਯਿਸੂ ਨਾਲ ਕੀ ਕਰਨਾ ਚਾਹੀਦਾ ਹੈ

"ਵੇਖ, ਮੈਂ ਬੂਹੇ ਉੱਤੇ ਖਲੋਤਾ ਅਤੇ ਖੜਕਾਉਂਦਾ ਹਾਂ। ਜੇ ਕੋਈ ਮੇਰੀ ਅਵਾਜ਼ ਸੁਣੇ ਅਤੇ ਬੂਹਾ ਖੋਲ੍ਹ ਦੇਵੇ ਤਾਂ ਮੈਂ ਉਹ ਦੇ ਕੋਲ ਅੰਦਰ ਜਾਵਾਂਗਾ ਅਤੇ ਉਹ ਦੇ ਨਾਲ ਭੋਜਨ ਛਕਾਂਗਾ ਅਤੇ ਉਹ ਮੇਰੇ ਨਾਲ ਛਕੇਗਾ।"

– ਪਰਕਾਸ਼ ਦੀ ਪੋਥੀ 3:20

"ਪਰ ਜਿਹੜਾ ਕੰਮ ਨਾ ਕਰ ਕੇ ਉਸ ਉੱਤੇ ਨਿਹਚਾ ਕਰਦਾ ਹੈ ਜੋ ਕੁਧਰਮੀ ਨੂੰ ਧਰਮੀ ਠਹਿਰਾਉਂਦਾ ਹੈ ਉਹ ਦੀ ਨਿਹਚਾ ਧਰਮ ਗਿਣੀਦੀ ਹੈ।" – ਰੋਮੀਆਂ 4:5

". . . ਪਵਿੱਤਰ ਆਤਮਾ ਲਓ. . . ਮੰਗੋ ਤਾਂ ਤੁਸੀਂ ਲਓਗੇ ਭਈ ਤੁਹਾਡਾ ਅਨੰਦ ਪੂਰਾ ਹੋਵੇ।"

– ਯੂਹੰਨਾ 20:22; 16:24

"ਕਿਉਂਕਿ ਜੇ ਤੂੰ ਆਪਣੇ ਮੂੰਹ ਨਾਲ ਪ੍ਰਭੂ ਯਿਸੂ ਦਾ ਇਕਰਾਰ ਕਰੇਂ ਅਤੇ ਆਪਣੇ ਹਿਰਦੇ ਨਾਲ ਮੰਨ ਲਵੇਂ ਜੋ ਪਰਮੇਸ਼ਰ ਨੇ ਉਹ ਨੂੰ ਮੁਰਦਿਆਂ ਵਿੱਚੋਂ ਜਿਵਾਲਿਆ ਤਾਂ ਤੂੰ ਬਚਾਇਆ ਜਾਵੇਂਗਾ।" – ਰੋਮੀਆਂ 10:9

"ਜੋ ਕੋਈ ਪਿਉ ਯਾ ਮਾਂ ਨੂੰ ਮੇਰੇ ਨਾਲੋਂ ਵੱਧ ਪਿਆਰ ਕਰਦਾ ਹੈ ਮੇਰੇ ਜੋਗ ਨਹੀਂ ਅਤੇ ਜੋ ਕੋਈ ਪੁੱਤਰ ਯਾ ਧੀ ਨੂੰ ਮੇਰੇ ਨਾਲੋਂ ਵੱਧ ਪਿਆਰ ਕਰਦਾ ਹੈ ਮੇਰੇ ਜੋਗ ਨਹੀਂ . . . ਤਦ ਯਿਸੂ ਨੇ ਆਪਣੇ ਚੇਲਿਆਂ ਨੂੰ ਕਿਹਾ, ਜੇ ਕੋਈ ਮੇਰੇ ਪਿੱਛੇ ਆਉਣਾ ਚਾਹੇ ਤਾਂ ਆਪਣੇ ਆਪ ਦਾ ਇਨਕਾਰ ਕਰੇ ਅਤੇ ਆਪਣੀ ਸਲੀਬ ਚੁੱਕ ਕੇ ਮੇਰੇ ਪਿੱਛੇ ਚੱਲੇ। ਕਿਉਂਕਿ ਜਿਹੜਾ ਆਪਣੀ ਜਾਨ ਬਚਾਉਣੀ ਚਾਹੇ ਉਹ ਉਸ ਨੂੰ ਗੁਆ ਦੇਵੇਗਾ ਪਰ ਜਿਹੜਾ ਮੇਰੇ ਲਈ ਆਪਣੀ ਜਾਨ ਗੁਆਏ ਉਹ ਉਸ ਨੂੰ ਲੱਭ ਲਵੇਗਾ।" – ਮੱਤੀ 10:37; 16:24, 25

"ਅਤੇ ਜੇ ਤੁਸੀਂ ਮਸੀਹ ਦੇ ਹੋ ਤਾਂ ਅਬਰਾਹਾਮ ਦੀ ਅੰਸ ਅਤੇ ਬਚਨ ਦੇ ਅਨੁਸਾਰ ਅਧਕਾਰੀ ਹੋ।"

– ਗਲਾਤੀਆਂ 3:29

"ਉਨ੍ਹਾਂ ਆਖਿਆ, ਪ੍ਰਭੂ ਯਿਸੂ ਉੱਤੇ ਨਿਹਚਾ ਕਰ ਤਾਂ ਤੂੰ ਅਤੇ ਤੇਰਾ ਘਰਾਣਾ ਬਚਾਏ ਜਾਓਗੇ।"

– ਰਸੂਲਾਂ ਦੇ ਕਰਤੱਬ 16:31

"ਅਤੇ ਉਹ ਸਾਖੀ ਇਹ ਹੈ ਭਈ ਪਰਮੇਸ਼ਰ ਨੇ ਸਾਨੂੰ ਸਦੀਪਕ ਜੀਵਨ ਦਿੱਤਾ ਅਤੇ ਇਹ ਜੀਵਨ ਉਹ ਦੇ ਪੁੱਤਰ ਵਿੱਚ ਹੈ। ਜਿਹ ਦੇ ਕੋਲ ਪੁੱਤਰ ਹੈ ਉਹ ਦੇ ਕੋਲ ਜੀਵਨ ਹੈ। ਜਿਹ ਦੇ ਕੋਲ ਪਰਮੇਸ਼ਰ ਦਾ ਪੁੱਤਰ ਨਹੀਂ ਹੈ ਉਹ ਦੇ ਕੋਲ ਜੀਵਨ ਵੀ ਨਹੀਂ।"

– 1 ਯੂਹੰਨਾ 5:11, 12

"ਪਰੰਤੂ ਪਰਮੇਸ਼ਰ ਨੇ ਜਿਹੜਾ ਦਯਾ ਦਾ ਧਨੀ ਹੈ . . .ਜਦੋਂ ਅਸੀਂ ਅਪਰਾਧਾਂ ਦੇ ਕਾਰਨ ਮੁਰਦੇ ਹੀ ਸਾਂ ਤਦੋਂ ਸਾਨੂੰ ਮਸੀਹ ਦੇ ਨਾਲ ਜਿਵਾਲਿਆ. . .।"

– ਅਫ਼ਸੀਆਂ 2:4, 5

"ਮੈਂ ਮਸੀਹ ਦੇ ਲਈ ਸਲੀਬ ਦਿੱਤਾ ਗਿਆ ਹਾਂ ਪਰ ਹੁਣ ਤੋਂ ਮੈਂ ਤਾਂ ਨਹੀਂ ਜੀਉਂਦਾ ਮਸੀਹ ਮੇਰੇ ਵਿੱਚ ਜੀਉਂਦਾ ਹੈ ਅਤੇ ਹੁਣ ਜਿਹੜਾ ਜੀਵਨ ਸਰੀਰ ਵਿੱਚ ਭੋਗਦਾ ਹਾਂ ਸੋ ਪਰਮੇਸ਼ਰ ਦੇ ਪੁੱਤਰ ਉੱਤੇ ਨਿਹਚਾ ਨਾਲ ਭੋਗਦਾ ਹਾਂ ਜਿਹ ਨੇ ਮੇਰੇ ਨਾਲ ਪ੍ਰੇਮ ਕੀਤਾ ਅਤੇ ਆਪਣੇ ਆਪ ਨੂੰ ਮੇਰੇ ਲਈ ਦੇ ਦਿੱਤਾ।" – ਗਲਾਤੀਆਂ 2:20

"ਸੋ ਹੇ ਭਰਾਵੋ, ਅਸੀਂ ਕਰਜ਼ਦਾਰ ਹਾਂ ਪਰ ਸਰੀਰ ਦੇ ਨਹੀਂ ਜੋ ਸਰੀਰ ਦੇ ਅਨੁਸਾਰ ਉਮਰ ਕੱਟੀਏ।"

– ਰੋਮੀਆਂ 8:2

"ਸੋ ਜੇ ਕੋਈ ਮਸੀਹ ਵਿੱਚ ਹੈ ਤਾਂ ਉਹ ਨਵੀਂ ਸਰਿਸ਼ਟ ਹੈ। ਪੁਰਾਣੀਆਂ ਗੱਲਾਂ ਬੀਤ ਗਈਆਂ, ਵੇਖੋ, ਓਹ ਨਵੀਆਂ ਹੋ ਗਈਆਂ ਹਨ।" – 2 ਕੁਰਿੰਥੀਆਂ 5:17

"ਕਿਉਂ ਜੋ ਤੁਸੀਂ ਨਾਸਵਾਨ ਤੁਖਮ ਤੋਂ ਨਹੀਂ ਸਗੋਂ ਅਵਨਾਸੀ ਤੋਂ ਪਰਮੇਸ਼ਰ ਦੇ ਬਚਨ ਰਾਹੀਂ ਜਿਹੜਾ ਜੀਉਂਦਾ ਅਤੇ ਇਸਥਿਰ ਹੈ ਨਵੇਂ ਸਿਰਿਓਂ ਜਨਮੇ ਹੋ।"

– 1 ਪਤਰਸ 1:23

"ਨਵਿਆਂ ਜੰਮਿਆਂ ਹੋਇਆਂ ਬੱਚਿਆਂ ਵਾਂਗਰ ਆਤਮਕ ਅਤੇ ਖਾਲਸ ਦੁੱਧ ਦੀ ਲੋਚ ਕਰੋ ਭਈ ਤੁਸੀਂ ਓਸ ਨਾਲ ਮੁਕਤੀ ਲਈ ਵਧਦੇ ਜਾਓ।"

– 1 ਪਤਰਸ 2:2

# ਪਰਮੇਸ਼ੁਰ ਉਸ ਦੇ ਲੋਕਾਂ ਲਈ ਪਿਤਾ ਹੈ

"ਯਤੀਮਾਂ ਦਾ ਪਿਤਾ ਅਤੇ ਵਿਧਵਾਂ ਦਾ ਨਿਆਉਂ ਕਰਨ ਵਾਲਾ ਪਰਮੇਸ਼ਰ ਆਪਣੇ ਪਵਿੱਤਰ ਨਿਵਾਸ ਵਿੱਚ ਹੈ।"
– ਜ਼ਬੂਰ 68:5

"ਪਰ ਹੁਣ, ਹੇ ਯਹੋਵਾਹ, ਤੂੰ ਸਾਡਾ ਪਿਤਾ ਹੈਂ, ਅਸੀਂ ਮਿੱਟੀ ਹਾਂ ਅਤੇ ਤੂੰ ਘੁਮਿਆਰ ਹੈਂ, ਅਸੀਂ ਸੱਭੇ ਤੇਰੀ ਦਸਤਕਾਰੀ ਹਾਂ। ਤੂੰ ਯਹੋਵਾਹ ਸਾਡਾ ਪਿਤਾ ਹੈ, ਸਾਡਾ ਛੁਡਾਉਣ ਵਾਲਾ, ਤੇਰਾ ਨਾਮ ਸਦੀਪਕਾਲ ਤੋਂ ਹੈ।"
– ਯਸਾਯਾਹ 64:8; 63:16

". . .ਜਿਸ ਥਾਂ ਓਹਨਾਂ ਨੂੰ ਕਿਹਾ ਗਿਆ ਸੀ, 'ਤੁਸੀਂ ਮੇਰੀ ਪਰਜਾ ਨਹੀਂ ਹੋ' ਉੱਥੇ ਓਹਨਾਂ ਨੂੰ ਕਿਹਾ ਜਾਵੇਗਾ, 'ਤੁਸੀਂ ਜੀਉਂਦੇ ਪਰਮੇਸ਼ਰ ਦੇ ਪੁੱਤਰ ਹੋ।'"
– ਹੋਸ਼ੇਆ 1:10

"ਸੋ ਜੇ ਤੁਸੀਂ ਬੁਰੇ ਹੋ ਕੇ ਆਪਣਿਆਂ ਬਾਲਕਾਂ ਨੂੰ ਚੰਗੀਆਂ ਦਾਤਾਂ ਦੇਣੀਆਂ ਜਾਣਦੇ ਹੋ ਤਾਂ ਕਿੰਨਾ ਵਧੀਕ ਤੁਹਾਡਾ ਸੁਰਗੀ ਪਿਤਾ ਆਪਣੇ ਮੰਗਣ ਵਾਲਿਆਂ ਨੂੰ ਚੰਗੀਆਂ ਵਸਤਾਂ ਦੇਵੇਗਾ! ਸੋ ਤੁਸੀਂ ਇਸ ਬਿਧ ਨਾਲ ਪ੍ਰਾਰਥਨਾ ਕਰੋ,— ਹੇ ਸਾਡੇ ਪਿਤਾ, ਜਿਹੜਾ ਸੁਰਗ ਵਿੱਚ ਹੈਂ, ਤੇਰਾ ਨਾਮ ਪਾਕ ਮੰਨਿਆ ਜਾਵੇ. . .।"
– ਮੱਤੀ 7:11; 6:9

". . . ਮੈਂ ਤੁਹਾਨੂੰ ਕਬੂਲ ਕਰ ਲਵਾਂਗਾ, ਅਰ ਤੁਹਾਡਾ ਪਿਤਾ ਹੋਵਾਂਗਾ ਅਤੇ ਤੁਸੀਂ ਮੇਰੇ ਪੁੱਤਰ ਧੀਆਂ ਹੋਵੋਗੇ। ਇਹ ਬਚਨ ਸਰਬ ਸ਼ਕਤੀਮਾਨ ਪ੍ਰਭੂ ਦਾ ਹੈ।"
– 2 ਕੁਰਿੰਥੀਆਂ 6:17, 18

"ਜਿੰਨੇ ਪਰਮੇਸ਼ਰ ਦੇ ਆਤਮਾ ਦੀ ਅਗਵਾਈ ਨਾਲ ਚੱਲਦੇ ਹਨ ਓਹੀ ਪਰਮੇਸ਼ਰ ਦੇ ਪੁੱਤਰ ਹਨ।"
– ਰੋਮੀਆਂ 8:14

"ਯਿਸੂ ਨੇ ਉਹ ਨੂੰ ਆਖਿਆ, ਰਾਹ ਅਤੇ ਸਚਿਆਈ ਅਤੇ ਜੀਉਣ ਮੈਂ ਹਾਂ। ਕੋਈ ਮੇਰੇ ਵਸੀਲੇ ਬਿਨਾ ਪਿਤਾ ਦੇ ਕੋਲ ਨਹੀਂ ਆਉਂਦਾ। ਜੇ ਤੁਸੀਂ ਮੈਨੂੰ ਜਾਣਦੇ ਤਾਂ ਮੇਰੇ ਪਿਤਾ ਨੂੰ ਭੀ ਜਾਣਦੇ। ਏਦੋਂ ਅੱਗੇ ਤੁਸੀਂ ਉਹ ਨੂੰ ਜਾਣਦੇ ਅਤੇ ਉਹ ਨੂੰ ਵੇਖ ਲਿਆ ਹੈ. . . ਜੇ ਕੋਈ ਮੈਨੂੰ ਪਿਆਰ ਕਰਦਾ ਹੈ ਉਹ ਮੇਰੇ ਬਚਨ ਦੀ ਪਾਲਨਾ ਕਰੇਗਾ ਅਤੇ ਮੇਰਾ ਪਿਤਾ ਉਹ ਨੂੰ ਪਿਆਰ ਕਰੇਗਾ ਅਤੇ ਅਸੀਂ ਉਹ ਦੇ ਕੋਲ ਆਵਾਂਗੇ ਅਰ ਉਹ ਦੇ ਨਾਲ ਵਾਸ ਕਰਾਂਗੇ।" – ਯੂਹੰਨਾ 14:6, 7, 23

". . . ਪਰ ਜਾਂ ਸਮਾ ਪੂਰਾ ਹੋਇਆ ਤਾਂ ਪਰਮੇਸ਼ਰ ਨੇ ਆਪਣੇ ਪੁੱਤਰ ਨੂੰ ਘੱਲਿਆ. . . ਭਈ ਲੇਪਾਲਕ ਪੁੱਤਰ ਹੋਣ ਦੀ ਪਦਵੀ ਸਾਨੂੰ ਪਰਾਪਤ ਹੋਵੇ. . .ਸੋ ਤੂੰ ਅਗਾਹਾਂ ਨੂੰ ਗੁਲਾਮ ਨਹੀਂ ਸਗੋਂ ਪੁੱਤਰ ਹੈਂ ਅਤੇ ਜੇ ਪੁੱਤਰ ਹੈਂ ਤਾਂ ਪਰਮੇਸ਼ਰ ਦੇ ਰਾਹੀਂ ਅਧਕਾਰੀ ਵੀ ਹੈਂ। ਕਿਉਂ ਜੋ ਮਸੀਹ ਯਿਸੂ ਉੱਤੇ ਨਿਹਚਾ ਕਰਨ ਕਰਕੇ ਤੁਸੀਂ ਸੱਭੇ ਪਰਮੇਸ਼ਰ ਦੇ ਪੁੱਤਰ ਹੋ।"

– ਗਲਾਤੀਆਂ 4:4, 5, 7; 3:26

"ਪਰ ਜਿੰਨਿਆਂ ਨੇ ਉਸ ਨੂੰ ਕਬੂਲ ਕੀਤਾ ਉਸ ਨੇ ਉਨ੍ਹਾਂ ਨੂੰ ਪਰਮੇਸ਼ਰ ਦੇ ਪੁੱਤਰ ਹੋਣ ਦਾ ਹੱਕ ਦਿੱਤਾ ਅਰਥਾਤ ਜਿੰਨ੍ਹਾਂ ਨੇ ਉਸ ਦੇ ਨਾਮ ਉੱਤੇ ਨਿਹਚਾ ਕੀਤੀ।"

– ਯੂਹੰਨਾ 1:12

". . . ਭਈ ਤੁਸੀਂ ਪਾਪ ਨਾ ਕਰੋ ਅਤੇ ਜੇ ਕੋਈ ਪਾਪ ਕਰੇ ਤਾਂ ਪਿਤਾ ਦੇ ਕੋਲ ਸਾਡਾ ਇੱਕ ਸਹਾਇਕ ਹੈ ਅਰਥਾਤ ਯਿਸੂ ਮਸੀਹ ਜਿਹੜਾ ਧਰਮੀ ਹੈ।" – 1 ਯੂਹੰਨਾ 2:1

"ਕਿਉਂ ਜੋ ਉਸੇ ਦੇ ਦੁਆਰਾ ਇੱਕੋ ਆਤਮਾ ਵਿੱਚ ਪਿਤਾ ਵੱਲ ਅਸਾਂ ਦੋਹਾਂ ਦੀ ਢੋਈ ਹੁੰਦੀ ਹੈ।"

– ਅਫ਼ਸੀਆਂ 2:18

# ਯਿਸੂ ਪਿਆਰ, ਅਨੰਦ ਸ਼ਾਂਤੀ ਨੂੰ ਲਿਆਉਂਦਾ ਹੈ

"ਜਿਹੜਾ ਪ੍ਰੇਮ ਨਹੀਂ ਕਰਦਾ ਉਹ ਪਰਮੇਸ਼ਰ ਨੂੰ ਨਹੀਂ ਜਾਣਦਾ ਕਿਉਂ ਜੋ ਪਰਮੇਸ਼ਰ ਪ੍ਰੇਮ ਹੈ. . . ਜਿਹੜਾ ਪ੍ਰੇਮ ਵਿੱਚ ਰਹਿੰਦਾ ਹੈ ਉਹ ਪਰਮੇਸ਼ਰ ਵਿੱਚ ਰਹਿੰਦਾ ਹੈ ਅਤੇ ਪਰਮੇਸ਼ਰ ਓਸ ਵਿੱਚ ਰਹਿੰਦਾ ਹੈ।"

– 1 ਯੂਹੰਨਾ 4:8, 16

"ਅਤੇ ਤੁਸੀਂ ਇੱਕ ਦੂਏ ਉੱਤੇ ਕਿਰਪਾਵਾਨ ਅਤੇ ਤਰਸਵਾਨ ਹੋਵੋ ਅਤੇ ਇੱਕ ਦੂਏ ਨੂੰ ਮਾਫ਼ ਕਰੋ ਜਿਵੇਂ ਪਰਮੇਸ਼ਰ ਨੇ ਵੀ ਮਸੀਹ ਵਿੱਚ ਤੁਹਾਨੂੰ ਮਾਫ਼ ਕੀਤਾ।"

– ਅਫ਼ਸੀਆਂ 4:32

"ਸੋ ਯਿਸੂ ਨੇ ਉਨ੍ਹਾਂ ਨੂੰ ਕਿਹਾ ਕਿ ਚਾਨਣ ਅਜੇ ਥੋੜਾ ਚਿਰ ਹੋਰ ਤੁਹਾਡੇ ਵਿੱਚ ਹੈ। ਜਿੰਨਾ ਚਿਰ ਚਾਨਣ ਤੁਹਾਡੇ ਨਾਲ ਹੈ ਚੱਲੇ ਚੱਲੋ ਭਈ ਕਿਤੇ ਐਉਂ ਨਾ ਹੋਵੇ ਜੋ ਅਨ੍ਹੇਰਾ ਤੁਹਾਨੂੰ ਆ ਘੇਰੇ ਅਤੇ ਜੋ ਅਨ੍ਹੇਰੇ ਵਿੱਚ ਚੱਲਦਾ ਹੈ ਸੋ ਨਹੀਂ ਜਾਣਦਾ ਜੋ ਉਹ ਕਿੱਥੇ ਤੁਰਦਾ ਹੈ।"

– ਯੂਹੰਨਾ 13:35

"ਪਰ ਆਤਮਾ ਦਾ ਫਲ ਇਹ ਹੈ-ਪ੍ਰੇਮ, ਅਨੰਦ, ਸ਼ਾਂਤੀ, ਧੀਰਜ।" – ਗਲਾਤੀਆਂ 5:22

"ਤਾਂ ਵੀ ਮੈਂ ਯਹੋਵਾਹ ਵਿੱਚ ਬਾਗ ਬਾਗ ਹੋਵਾਂਗਾ, ਮੈਂ ਆਪਣੇ ਮੁਕਤੀ ਦਾਤੇ ਪਰਮੇਸ਼ਰ ਵਿੱਚ ਖੁਸ਼ੀ ਮਨਾਵਾਂਗਾ।" – ਹਬੱਕੂਕ 3:18

"ਤੂੰ ਮੈਨੂੰ ਜੀਉਣ ਦਾ ਮਾਰਗ ਵਿਖਾਵੇਂਗਾ, ਤੇਰੇ ਹਜ਼ੂਰ ਅੰਨਦ ਦੀ ਭਰਪੂਰੀ ਹੈ, ਤੇਰੇ ਸੱਜੇ ਹੱਥ ਸਦਾ ਖੁਸ਼ੀਆਂ ਹੁੰਦੀਆਂ ਹਨ।"

– ਜ਼ਬੂਰ 16:11

"ਅਤੇ ਜੇ ਉਹ ਦਾ ਆਤਮਾ ਜਿਹ ਨੇ ਯਿਸੂ ਨੂੰ ਮੁਰਦਿਆਂ ਵਿੱਚੋਂ ਜਿਵਾਲਿਆ ਤੁਹਾਡੇ ਵਿੱਚ ਵੱਸਦਾ ਹੈ ਤਾਂ ਜਿਹ ਨੇ ਮਸੀਹ ਯਿਸੂ ਨੂੰ ਮੁਰਦਿਆਂ ਵਿੱਚੋਂ ਜਿਵਾਲਿਆ ਉਹ ਆਪਣੇ ਆਤਮਾ ਦੇ ਵਸੀਲੇ ਨਾਲ ਜਿਹੜਾ ਤੁਹਾਡੇ ਵਿੱਚ ਵੱਸਦਾ ਹੈ ਤੁਹਾਡੀਆਂ ਮਰਨਹਾਰ ਦੇਹੀਆਂ ਨੂੰ ਵੀ ਜਿਵਾਏਗਾ।" – ਰੋਮੀਆਂ 8:11

"ਅਤੇ ਪਰਮੇਸ਼ਰ ਨੇ ਨਾਲੇ ਪ੍ਰਭੁ ਨੂੰ ਜਿਵਾ ਕੇ ਉਠਾਇਆ, ਨਾਲੇ ਸਾਨੂੰ ਆਪਣੀ ਸਮਰੱਥਾ ਨਾਲ ਜਿਵਾ ਕੇ ਉਠਾਏਗਾ।" – 1 ਕੁਰਿੰਥੀਆਂ 6:14

"ਮੇਰੇ ਪਿਤਾ ਦੀ ਇਹ ਮਰਜ਼ੀ ਹੈ ਕਿ ਹਰ ਕੋਈ ਜੋ ਪੁੱਤਰ ਨੂੰ ਵੇਖੇ ਅਤੇ ਉਸ ਉੱਤੇ ਨਿਹਚਾ ਕਰੇ ਸੋ ਸਦੀਪਕ ਜੀਉਣ ਪਾਵੇ ਅਤੇ ਮੈਂ ਉਹ ਨੂੰ ਅੰਤ ਦੇ ਦਿਨ ਜੀਉਂਦਾ ਉਠਾਵਾਂਗਾ।" – ਯੂਹੰਨਾ 6:40

"ਯਿਸੂ ਨੇ ਉਹ ਨੂੰ ਕਿਹਾ, ਕਿਆਮਤ ਅਤੇ ਜੀਉਣ ਮੈਂ ਹਾਂ। ਜੋ ਮੇਰੇ ਉੱਤੇ ਨਿਹਚਾ ਕਰਦਾ ਹੈ ਭਾਵੇਂ ਉਹ ਮਰ ਜਾਏ ਤਾਂ ਵੀ ਜੀਵੇਗਾ। ਅਤੇ ਹਰ ਕੋਈ ਜਿਹੜਾ ਜੀਉਂਦਾ ਹੈ ਅਰ ਮੇਰੇ ਉੱਤੇ ਨਿਹਚਾ ਕਰਦਾ ਹੈ ਸੋ ਸਦੀਪਕਾਲ ਤੀਕੁ ਕਦੇ ਨਾ ਮਰੇਗਾ। ਕੀ ਤੂੰ ਇਸ ਗੱਲ ਦੀ ਪਰਤੀਤ ਕਰਦੀ ਹੈਂ?" – ਯੂਹੰਨਾ 11:25, 26

"ਜਾਂ ਮਨੁੱਖ ਦੇ ਰਾਹੀਂ ਮੌਤ ਹੋਈ ਤਾਂ ਮਨੁੱਖ ਹੀ ਦੇ ਰਾਹੀਂ ਮੁਰਦਿਆਂ ਦੀ ਕਿਆਮਤ ਵੀ ਹੋਈ। ਜਿਸ ਤਰਾਂ ਆਦਮ ਵਿੱਚ ਸੱਭੇ ਮਰਦੇ ਹਨ ਉਸੇ ਤਰਾਂ ਮਸੀਹ ਵਿੱਚ ਸੱਭੇ ਜੁਆਏ ਜਾਣਗੇ। ਪਰ ਹਰੇਕ ਆਪੋ ਆਪਣੀ ਵਾਰੀ ਸਿਰ। ਪਹਿਲਾ ਫਲ ਮਸੀਹ, ਫੇਰ ਜਿਹੜੇ ਮਸੀਹ ਦੇ ਹਨ ਉਹ ਦੇ ਆਉਣ ਦੇ ਵੇਲੇ।" – 1 ਕੁਰਿੰਥੀਆਂ 15:21-23

". . . ਇਸ ਕਰਕੇ ਜੋ ਮੈਂ ਜੀਉਂਦਾ ਹਾਂ ਤੁਸੀਂ ਭੀ ਜੀਓਗੇ।" – ਯੂਹੰਨਾ 14:19

"ਪਰੰਤੂ ਜਦੋਂ ਅਸੀਂ ਮਸੀਹ ਦੇ ਨਾਲ ਮੋਏ ਤਾਂ ਸਾਨੂੰ ਨਿਹਚਾ ਹੈ ਜੋ ਉਹ ਦੇ ਨਾਲ ਜੀਵਾਂਗੇ ਭੀ।"

– ਰੋਮੀਆਂ 6:8

# ਇਸ ਵੱਡੀ ਮੁਕਤੀ ਨੂੰ ਨਜ਼ਰਅੰਦਾਜ ਨਾ ਕਰੋ

"ਜਿਸ ਕਿਸੇ ਨੇ ਮੂਸਾ ਦੀ ਸ਼ਰਾ ਦੀ ਟਾਲਨਾ ਕੀਤੀ ਹੋਵੇ ਓਹ ਦੋਂਹ ਯਾ ਤਿਹੁੰ ਗਵਾਹਾਂ ਦੀ ਗਵਾਹੀ ਨਾਲ ਬਿਨਾ ਤਰਸ ਕੀਤਿਆਂ ਮਾਰਿਆ ਜਾਂਦਾ ਹੈ। ਤਾਂ ਤੁਹਾਡੇ ਖਿਆਲ ਵਿੱਚ ਉਹ ਕਿੰਨੀਕੁ ਹੋਰ ਵੀ ਕਰੜੀ ਸਜ਼ਾ ਦੇ ਜੋਗ ਠਹਿਰਾਇਆ ਜਾਵੇਗਾ ਜਿਹ ਨੇ ਪਰਮੇਸ਼ਰ ਦੇ ਪੁੱਤਰ ਨੂੰ ਪੈਰਾਂ ਹੇਠ ਲਤਾੜਿਆ ਅਤੇ ਨੇਮ ਦਾ ਲਹੂ ਜਿਹ ਦੇ ਨਾਲ ਉਹ ਪਵਿੱਤਰ ਕੀਤਾ ਗਿਆ ਸੀ ਐਵੇਂ ਕਿਵੇਂ ਜਾਣਿਆ ਅਤੇ ਕਿਰਪਾ ਦੇ ਆਤਮਾ ਦਾ ਅਪਜਸ ਕੀਤਾ।"

– ਇਬਰਾਨੀਆਂ 10:28, 29

"ਜਿਹੜਾ ਮੈਨੂੰ ਰੱਦ ਕਰਦਾ ਹੈ ਅਤੇ ਮੇਰੀਆਂ ਗੱਲਾਂ ਨਹੀਂ ਕਬੂਲਦਾ, ਉਹ ਨੂੰ ਇੱਕ ਦੋਸ਼ੀ ਠਹਿਰਾਉਂਦਾ ਹੈ। ਜਿਹੜਾ ਬਚਨ ਮੈਂ ਕਿਹਾ ਓਹੀਓ ਅੰਤ ਦੇ ਦਿਨ ਉਸ ਨੂੰ ਦੋਸ਼ੀ ਠਹਿਰਾਵੇਗਾ।" – ਯੂਹੰਨਾ 12:48

"ਇਸ ਲਈ ਮੈਂ ਤੁਹਾਨੂੰ ਆਖਿਆ ਜੋ ਤੁਸੀਂ ਆਪਣੇ ਪਾਪਾਂ ਵਿੱਚ ਮਰੋਗੇ ਕਿਉਂਕਿ ਜੇ ਤੁਸੀਂ ਮੇਰੀ ਪਰਤੀਤ ਨਾ ਕਰੋ ਕਿ ਮੈਂ ਉਹੋ ਹਾਂ ਤਾਂ ਆਪਣੇ ਪਾਪਾਂ ਵਿੱਚ ਮਰੋਗੇ।"

– ਯੂਹੰਨਾ 8:24

"ਮੈਂ ਤੁਹਾਨੂੰ ਜੋ ਮੇਰੇ ਮਿੱਤ੍ਰ ਹੋ ਇਹ ਆਖਦਾ ਹਾਂ ਭਈ ਉਨ੍ਹਾਂ ਕੋਲੋਂ ਨਾ ਡਰੋ ਜਿਹੜੇ ਦੇਹੀ ਨੂੰ ਮਾਰਦੇ ਹਨ ਅਰ ਇਸ ਤੋਂ ਵੱਧ ਹੋਰ ਕੁਝ ਨਹੀਂ ਕਰ ਸੱਕਦੇ। ਪਰ ਮੈਂ ਤੁਹਾਨੂੰ ਦੱਸਦਾ ਹਾਂ ਜੋ ਤੁਸੀਂ ਕਿਹ ਦੇ ਕੋਲੋਂ ਡਰੋ। ਉਸ ਕੋਲੋਂ ਡਰੋ ਜੋ ਮਾਰਨ ਦੇ ਪਿੱਛੋਂ ਨਰਕ ਵਿੱਚ ਸੁੱਟਣ ਦਾ ਇਖ਼ਤਿਆਰ ਰੱਖਦਾ ਹੈ। ਹਾਂ, ਮੈਂ ਤੁਹਾਨੂੰ ਆਖਦਾ ਹਾਂ ਜੋ ਉਸੇ ਤੋਂ ਡਰੋ।"

– ਲੂਕਾ 12:4, 5

"ਤਾਂ ਅਸੀਂ ਕਿੱਕੁਰ ਬਚ ਨਿੱਕਲਾਂਗੇ ਜੇ ਐਡੀ ਵੱਡੀ ਮੁਕਤੀ ਦੀ ਬੇ ਪਰਵਾਹੀ ਕਰੀਏ?" – ਇਬਰਾਨੀਆਂ 2:3

". . . ਜਿਹੜਾ ਪੁੱਤਰ ਉੱਤੇ ਨਿਹਚਾ ਕਰਦਾ ਹੈ ਸਦੀਪਕ ਜੀਉਣ ਉਸ ਦਾ ਹੈ ਪਰ ਜੋ ਪੁੱਤਰ ਨੂੰ ਨਹੀਂ ਮੰਨਦਾ ਸੋ ਜੀਉਣ ਨਾ ਵੇਖੇਗਾ ਸਗੋਂ ਪਰਮੇਸ਼ਰ ਦਾ ਕ੍ਰੋਧ ਉਸ ਉੱਤੇ ਰਹਿੰਦਾ ਹੈ।" – ਯੂਹੰਨਾ 3:36

"ਕਿਉਂ ਜੋ ਉਸ ਨੇ ਇੱਕ ਦਿਨ ਠਹਿਰਾ ਛੱਡਿਆ ਹੈ ਜਿਹ ਦੇ ਵਿੱਚ ਉਹ ਸਚਿਆਈ ਨਾਲ ਸੰਸਾਰ ਦਾ ਨਿਆਉਂ ਕਰੇਗਾ ਓਸ ਮਨੁੱਖ ਦੇ ਰਾਹੀਂ ਜਿਹ ਨੂੰ ਉਸ ਨੇ ਠਹਿਰਾਇਆ ਅਤੇ ਉਹ ਨੂੰ ਮੁਰਦਿਆਂ ਵਿੱਚੋਂ ਜਿਵਾਲ ਕੇ ਇਹ ਗੱਲ ਸਭਨਾਂ ਉੱਤੇ ਸਾਬਤ ਕਰ ਦਿੱਤੀ ਹੈ।" – ਰਸੂਲਾਂ ਦੇ ਕਰਤੱਬ 17:31

"ਪਿਤਾ ਕਿਸੇ ਦਾ ਨਿਆਉਂ ਨਹੀਂ ਕਰਦਾ ਪਰ ਉਸ ਨੇ ਸਾਰਾ ਨਿਆਉਂ ਪੁੱਤਰ ਨੂੰ ਸੌਂਪ ਦਿੱਤਾ ਹੈ। ਇਸ ਲਈ ਜੋ ਸੱਭੋ ਪੁੱਤਰ ਦਾ ਆਦਰ ਕਰਨ ਜਿਸ ਤਰਾਂ ਪਿਤਾ ਦਾ ਆਦਰ ਕਰਦੇ ਹਨ. . .।" – ਯੂਹੰਨਾ 5:22, 23

"ਕਿਉਂ ਜੋ ਅਸਾਂ ਸਭਨਾਂ ਨੇ ਮਸੀਹ ਦੇ ਨਿਆਉਂ ਦੇ ਸਿੰਘਾਸਣ ਦੇ ਅੱਗੇ ਪਰਗਟ ਹੋਣਾ ਹੈ ਭਈ ਹਰੇਕ ਜੋ ਕੁਝ ਉਸ ਨੇ ਦੇਹੀ ਵਿੱਚ ਕੀਤਾ ਭਾਵੇਂ ਭਲਾ ਭਾਵੇਂ ਬੁਰਾ ਆਪੋ ਆਪਣੀਆਂ ਕਰਨੀਆਂ ਦੇ ਅਨੁਸਾਰ ਉਹ ਦਾ ਫਲ ਭੋਗੇ।" – 2 ਕੁਰਿੰਥੀਆਂ 5:10

"ਉਸ ਦਿਨ ਵਿੱਚ ਜਦੋਂ ਪਰਮੇਸ਼ਰ ਮੇਰੀ ਖੁਸ਼ ਖ਼ਬਰੀ ਦੇ ਅਨੁਸਾਰ ਯਿਸੂ ਮਸੀਹ ਦੇ ਰਾਹੀਂ ਮਨੁੱਖਾਂ ਦੀਆਂ ਗੁਪਤ ਗੱਲਾਂ ਦਾ ਨਿਆਉਂ ਕਰੇਗਾ।"

– ਰੋਮੀਆਂ 2:16

"... ਜਾਂ ਪ੍ਰਭੂ ਯਿਸੂ ਆਪਣੇ ਬਲਵੰਤ ਦੂਤਾਂ ਸਣੇ ਭੜਕਦੀ ਅੱਗ ਵਿੱਚ ਅਕਾਸ਼ੋਂ ਪਰਗਟ ਹੋਵੇਗਾ। ਅਤੇ ਜਿਹੜੇ ਪਰਮੇਸ਼ਰ ਨੂੰ ਨਹੀਂ ਜਾਣਦੇ ਅਤੇ ਸਾਡੇ ਪ੍ਰਭੂ ਯਿਸੂ ਦੀ ਇੰਜੀਲ ਨੂੰ ਨਹੀਂ ਮੰਨਦੇ ਓਹਨਾਂ ਨੂੰ ਬਦਲਾ ਦੇਵੇਗਾ।" – 2 ਥੱਸਲੁਨੀਕੀਆਂ 1:7, 8

"ਮੇਰੇ ਇਨ੍ਹਾਂ ਵੈਰੀਆਂ ਨੂੰ ਜਿਹੜੇ ਨਹੀਂ ਸੀ ਚਾਹੁੰਦੇ ਭਈ ਮੈਂ ਉਨ੍ਹਾਂ ਉੱਤੇ ਰਾਜ ਕਰਾਂ ਐਥੇ ਲਿਆਓ ਅਤੇ ਮੇਰੇ ਸਾਹਮਣੇ ਮਾਰ ਸੁੱਟੋ!" – ਲੂਕਾ 19:27

# 42 ਸਾਰੇ ਜਿਹੜੇ ਯਿਸੂ ਦੇ ਚੇਲੇ ਹੋਣ ਦਾ ਇਕਰਾਰ ਕਰਦੇ ਹਨ ਯਿਸੂ ਦੇ ਨਹੀਂ ਹਨ

"ਓਹ ਆਖਦੇ ਹਨ ਭਈ ਅਸੀਂ ਪਰਮੇਸ਼ਰ ਨੂੰ ਜਾਣਦੇ ਹਾਂ ਪਰ ਆਪਣੀਆਂ ਕਰਨੀਆਂ ਦੇ ਰਾਹੀਂ ਉਹ ਦਾ ਇਨਕਾਰ ਕਰਦੇ ਹਨ. . .।" – ਤੀਤੁਸ 1:16

". . . ਜੇ ਪਰਮੇਸ਼ਰ ਦਾ ਆਤਮਾ ਤੁਹਾਡੇ ਵਿੱਚ ਵੱਸਦਾ ਹੋਵੇ ਪਰੰਤੂ ਜਿਹ ਦੇ ਵਿੱਚ ਮਸੀਹ ਦਾ ਆਤਮਾ ਨਹੀਂ ਹੈ ਸੋ ਉਹ ਓਹ ਦਾ ਨਹੀਂ ਹੈ।"

– ਰੋਮੀਆਂ 8:9

"ਜਿਵੇਂ ਲੋਕ ਆਉਂਦੇ ਹਨ ਓਹ ਤੇਰੇ ਕੋਲ ਆਉਂਦੇ ਅਤੇ ਮੇਰੇ ਲੋਕਾਂ ਵਾਂਙੁ ਤੇਰੇ ਅੱਗੇ ਬਹਿੰਦੇ ਅਤੇ ਤੇਰੀਆਂ ਗੱਲਾਂ ਸੁਣਦੇ ਹਨ, ਪਰ ਉਨ੍ਹਾਂ ਤੇ ਤੁਰਦੇ ਨਹੀਂ ਕਿਉਂ ਜੋ ਉਹ ਆਪਣੇ ਮੂੰਹ ਤੋਂ ਤਾਂ ਬਹੁਤ ਪਿਆਰ ਦੱਸਦੇ ਹਨ ਪਰ ਉਨ੍ਹਾਂ ਦਾ ਮਨ ਲੋਭ ਵੱਲ ਭਜਦਾ ਹੈ।" – ਹਿਜ਼ਕੀਏਲ 33:31

"ਨਾ ਹਰੇਕ ਜਿਹੜਾ ਮੈਨੂੰ ਪ੍ਰਭੂ ! ਪ੍ਰਭੂ ! ਕਹਿੰਦਾ ਹੈ ਸੁਰਗ ਦੇ ਰਾਜ ਵਿੱਚ ਵੜੇਗਾ ਬਲਕਣ ਉਹੋ ਜੋ ਮੇਰੇ ਸੁਰਗੀ ਪਿਤਾ ਦੀ ਮਰਜੀ ਉੱਤੇ ਚੱਲਦਾ ਹੈ। ਉਸ ਦਿਨ ਅਨੇਕ ਮੈਨੂੰ ਆਖਣਗੇ, ਹੇ ਪ੍ਰਭੂ ! ਹੇ ਪ੍ਰਭੂ ! ਕੀ ਅਸਾਂ ਤੇਰਾ ਨਾਮ ਲੈ ਕੇ ਅਗੰਮ ਵਾਕ ਨਹੀਂ ਕੀਤਾ? ਅਤੇ ਤੇਰਾ ਨਾਮ ਲੈ ਕੇ ਭੂਤ ਨਹੀਂ ਕੱਢੇ? ਅਤੇ ਤੇਰਾ ਨਾਮ ਲੈ ਕੇ ਬਹੁਤੀਆਂ ਕਰਾਮਾਤਾਂ ਨਹੀਂ ਕੀਤੀਆਂ? ਤਦ ਮੈਂ ਉਨ੍ਹਾਂ ਨੂੰ ਸਾਫ ਆਖਾਂਗਾ ਭਈ ਮੈਂ ਤੁਹਾਨੂੰ ਕਦੇ ਵੀ ਨਹੀਂ ਜਾਣਿਆ। ਹੇ ਬੁਰਿਆਰੋ, ਮੇਰੇ ਕੋਲੋ ਚੱਲੇ ਜਾਓ !" – ਮੱਤੀ 7:21–23

"ਇਸੇ ਤਰਾਂ ਤੁਸੀਂ ਵੀ ਬਾਹਰੋਂ ਮਨੁੱਖਾਂ ਨੂੰ ਧਰਮੀ ਵਿਖਾਈ ਦਿੰਦੇ ਹੋ ਪਰ ਅੰਦਰੋਂ ਕਪਟ ਅਰ ਕੁਧਰਮ ਨਾਲ ਭਰੇ ਹੋਏ ਹੋ।" – ਮੱਤੀ 23:28

"ਅਤੇ ਜੇ ਅਸੀਂ ਉਹ ਦੇ ਹੁਕਮਾਂ ਦੀ ਪਾਲਨਾ ਕਰੀਏ ਤਾਂ ਇਸ ਤੋਂ ਜਾਣਦੇ ਹਾਂ ਜੋ ਅਸਾਂ ਉਹ ਨੂੰ ਜਾਤਾ ਹੈ।" – 1 ਯੂਹੰਨਾ 2:3

"ਅਤੇ ਮੈਂ ਆਪਣਾ ਆਤਮਾ ਤੁਹਾਡੇ ਵਿੱਚ ਦਿਆਂਗਾ ਅਤੇ ਤੁਹਾਨੂੰ ਆਪਣੀਆਂ ਬਿਧੀਆਂ ਉੱਤੇ ਚਲਾਵਾਂਗਾ ਅਤੇ ਤੁਸੀਂ ਮੇਰੇ ਨਿਆਂਵਾਂ ਦੀ ਪਾਲਨਾ ਕਰੋਗੇ ਅਤੇ ਉਨ੍ਹਾਂ ਤੇ ਅਮਲ ਕਰੋਗੇ।" – ਹਿਜ਼ਕੀਏਲ 36:27

"ਅਤੇ ਉਹ ਸਿੱਧ ਹੋ ਕੇ ਓਹਨਾਂ ਸਭਨਾਂ ਦੀ ਜਿਹੜੇ ਉਹ ਦੇ ਆਗਿਆਕਾਰ ਹਨ ਸਦਾ ਦੀ ਗਤੀ ਦਾ ਕਾਰਨ ਹੋਇਆ।" – ਇਬਰਾਨੀਆਂ 5:9

"ਅਤੇ ਪਾਪ ਤੋਂ ਛੁੱਟ ਕੇ ਤੁਸੀਂ ਧਰਮ ਦੇ ਦਾਸ ਬਣ ਗਏ।" – ਰੋਮੀਆਂ 6:18

"ਕਿਉਂ ਜੋ ਅਸੀਂ ਉਸ ਦੀ ਰਚਨਾ ਹਾਂ ਜਿਹੜੇ ਮਸੀਹ ਯਿਸੂ ਵਿੱਚ ਸ਼ੁਭ ਕਰਮਾਂ ਲਈ ਰਚੇ ਗਏ ਜੋ ਪਰਮੇਸ਼ਰ ਨੇ ਅੱਗੋਂ ਹੀ ਤਿਆਰ ਕੀਤੇ ਸਨ ਭਈ ਅਸੀਂ ਉਨ੍ਹਾਂ ਵਿੱਚ ਲੱਗੇ ਰਹੀਏ।" – ਅਫ਼ਸੀਆਂ 2:10

"ਪਰ ਜੇ ਮਸੀਹ ਤੁਹਾਡੇ ਵਿੱਚ ਹੈ ਤਾਂ ਦੇਹੀ ਪਾਪ ਦੇ ਕਾਰਨ ਮਰ ਗਈ ਪਰ ਆਤਮਾ ਧਰਮ ਦੇ ਕਾਰਨ ਜੀਵਤ ਹੈ। ਜੇ ਸਰੀਰ ਦੇ ਅਨੁਸਾਰ ਉਮਰ ਕੱਟੋਗੇ ਤਾਂ ਤੁਹਾਨੂੰ ਮਰਨਾ ਪਵੇਗਾ ਪਰ ਜੇ ਆਤਮਾ ਨਾਲ ਦੇਹੀ ਦੇ ਕਾਰਜਾਂ ਨੂੰ ਮਾਰੋ ਤਾਂ ਤੁਸੀਂ ਜੀਵੋਗੇ।" – ਰੋਮੀਆਂ 8:10-13

"...ਭਈ ਹਰੇਕ ਜਿਹੜਾ ਪ੍ਰਭੂ ਦਾ ਨਾਮ ਲੈਂਦਾ ਹੈ ਕੁਧਰਮ ਤੋਂ ਅੱਡ ਰਹੇ।" – 2 ਤਿਮੋਥਿਉਸ 2:19

"ਤਦ ਪਤਰਸ ਅਤੇ ਰਸੂਲਾਂ ਨੇ ਉੱਤਰ ਦਿੱਤਾ ਕਿ ਮਨੁੱਖਾਂ ਦੇ ਹੁਕਮ ਨਾਲੋਂ ਪਰਮੇਸ਼ਰ ਦਾ ਹੁਕਮ ਮੰਨਣਾ ਜਰੂਰੀ ਹੈ।" – ਰਸੂਲਾਂ ਦੇ ਕਰਤੱਬ 5:29

# ਸੰਸਾਰ ਯਿਸੂ ਦੇ ਚੇਲਿਆਂ ਨਾਲ ਵੈਰ ਰੱਖਦਾ ਹੈ

"ਜੇ ਜਗਤ ਤੁਹਾਡੇ ਨਾਲ ਵੈਰ ਕਰਦਾ ਹੈ ਤੁਸੀਂ ਜਾਣਦੇ ਹੋ ਜੋ ਉਹ ਨੇ ਤੁਹਾਥੋਂ ਅੱਗੇ ਮੇਰੇ ਨਾਲ ਵੈਰ ਕੀਤਾ ਹੈ। ਜੇ ਤੁਸੀਂ ਜਗਤ ਦੇ ਹੁੰਦੇ ਤਾਂ ਜਗਤ ਆਪਣਿਆਂ ਨਾਲ ਤੇਹ ਕਰਦਾ ਪਰ ਇਸ ਕਰਕੇ ਜੋ ਤੁਸੀਂ ਜਗਤ ਦੇ ਨਹੀਂ ਹੋ ਪਰ ਮੈਂ ਤੁਹਾਨੂੰ ਜਗਤ ਵਿੱਚੋਂ ਚੁਣ ਲਿਆ ਇਸ ਕਰਕੇ ਜਗਤ ਤੁਹਾਡੇ ਨਾਲ ਵੈਰ ਕਰਦਾ ਹੈ।"

– ਯੂਹੰਨਾ 15:18-19

"... ਜੋ ਤੁਹਾਨੂੰ ਮਾਰ ਦੇਵੇ ਸੋ ਇਹ ਸਮਝੇਗਾ ਭਈ ਮੈਂ ਪਰਮੇਸ਼ਰ ਦੀ ਸੇਵਾ ਕਰਦਾ ਹਾਂ। ਅਤੇ ਓਹ ਇਸ ਲਈ ਇਹ ਕਰਨਗੇ ਜੋ ਉਨ੍ਹਾਂ ਨਾ ਪਿਤਾ ਨੂੰ ਅਤੇ ਨਾ ਮੈਨੂੰ ਜਾਣਿਆ।" – ਯੂਹੰਨਾ 16:2, 3

"ਵੇਖੋ, ਪਿਤਾ ਨੇ ਸਾਡੇ ਨਾਲ ਕਿਹੋ ਜਿਹਾ ਪ੍ਰੇਮ ਕੀਤਾ ਹੈ ਜੋ ਅਸੀਂ ਪਰਮੇਸ਼ਰ ਦੇ ਬਾਲਕ ਸਦਾਈਏ! ਅਤੇ ਏਹੋ ਅਸੀਂ ਹਾਂ ਵੀ। ਇਸ ਕਰਕੇ ਸੰਸਾਰ ਸਾਨੂੰ ਨਹੀਂ ਜਾਣਦਾ ਕਿਉਂ ਜੋ ਉਸ ਨੇ ਉਹ ਨੂੰ ਨਹੀਂ ਜਾਣਿਆ।"

– 1 ਯੂਹੰਨਾ 3:1

"... ਅਸੀਂ ਬਹੁਤ ਬਿਪਤਾ ਸਹਿ ਕੇ ਪਰਮੇਸ਼ਰ ਦੇ ਰਾਜ ਵਿੱਚ ਵੜਨਾ ਹੈ।"

– ਰਸੂਲਾਂ ਦੇ ਕਰਤੱਬ 14:22

"ਹਾਂ, ਸੱਭੇ ਜਿੰਨ੍ਹੇ ਮਸੀਹ ਯਿਸੂ ਵਿੱਚ ਭਗਤੀ ਨਾਲ ਉਮਰ ਕੱਟਣੀ ਚਾਹੁੰਦੇ ਹਨ ਸੋ ਸਤਾਏ ਜਾਣਗੇ।"

– 2 ਤਿਮੋਥਿਉਸ 3:12

"ਮੈਂ ਤੇਰਾ ਬਚਨ ਓਹਨਾਂ ਨੂੰ ਦਿੱਤਾ ਹੈ ਅਰ ਜਗਤ ਨੇ ਓਹਨਾਂ ਨਾਲ ਵੈਰ ਕੀਤਾ ਕਿਉਂ ਜੋ ਓਹ ਜਗਤ ਦੇ ਨਹੀਂ ਹਨ ਜਿਵੇਂ ਮੈਂ ਜਗਤ ਦਾ ਨਹੀਂ ਹਾਂ।"

– ਯੂਹੰਨਾ 17:14

"ਅਤੇ ਆਪਣੀ ਸਾਰੀ ਚਿੰਤਾ ਓਸ ਉੱਤੇ ਸੁਟ ਛੱਡੋ ਕਿਉਂ ਜੋ ਉਹ ਨੂੰ ਤੁਹਾਡਾ ਫ਼ਿਕਰ ਹੈ।"

– 1 ਪਤਰਸ 5:7

"ਨਾ ਡਰ, ਮੈਂ ਤੇਰੇ ਅੰਗ ਸੰਗ ਜੋ ਹਾਂ, ਨਾ ਘਾਬਰ, ਮੈਂ ਤੇਰਾ ਪਰਮੇਸ਼ਰ ਜੋ ਹਾਂ, ਮੈਂ ਤੈਨੂੰ ਜ਼ੋਰ ਬਖ਼ਸ਼ਾਂਗਾ, ਹਾਂ, ਮੈਂ ਤੇਰੀ ਸਹਾਇਤਾ ਕਰਾਂਗਾ, ਹਾਂ, ਮੈਂ ਤੈਨੂੰ ਆਪਣੇ ਫਤਹਮੰਦ ਸੱਜੇ ਹੱਥ ਨਾਲ ਸੰਭਾਲਾਂਗਾ।"

– ਯਸਾਯਾਹ 41:10

"ਜਦ ਮੇਰੇ ਮਾਪੇ ਮੈਨੂੰ ਤਿਆਗ ਦੇਣ, ਤਦ ਯਹੋਵਾਹ ਮੈਨੂੰ ਸਾਂਭੇਗਾ।" – ਜ਼ਬੂਰ 27:10

"ਇਸ ਕਰਕੇ ਅਸੀਂ ਹੌਂਸਲੇ ਨਾਲ ਆਖਦੇ ਹਾਂ,—ਪ੍ਰਭੂ ਮੇਰਾ ਸਹਾਈ ਹੈ, ਮੈਂ ਨਾ ਡਰਾਂਗਾ, ਮਨੁੱਖ ਮੇਰਾ ਕੀ ਕਰੇਗਾ?" – ਇਬਰਾਨੀਆਂ 13:6

"...ਇਸ ਲਈ ਜੋ ਤੇਜ ਦਾ ਪਿਤਾ ਅਤੇ ਪਰਮੇਸ਼ਰ ਦਾ ਆਤਮਾ ਤੁਹਾਡੇ ਉੱਤੇ ਠਹਿਰਦਾ ਹੈ।"

– 1 ਪਤਰਸ 4:14

"ਉਹ ਤਾਂ ਆਪਣੇ ਦੂਤਾਂ ਨੂੰ ਤੇਰੇ ਲਈ ਹੁਕਮ ਦੇਵੇਗਾ, ਭਈ ਓਹ ਤੇਰਿਆਂ ਸਾਰਿਆਂ ਰਾਹਾਂ ਵਿੱਚ ਤੇਰੀ ਰੱਛਿਆ ਕਰਨ।" – ਜ਼ਬੂਰ 91:11

"ਭਾਵੇਂ ਮੈਂ ਮੌਤ ਦੀ ਛਾਂ ਦੀ ਵਾਦੀ ਵਿੱਚ ਫਿਰਾਂ, ਮੈਂ ਕਿਸੇ ਬਦੀ ਤੋਂ ਨਹੀਂ ਡਰਾਂਗਾ, ਤੂੰ ਜੋ ਮੇਰੇ ਨਾਲ ਹੈਂ। ਤੇਰੀ ਸੋਟੀ ਤੇ ਤੇਰੀ ਲਾਠੀ, ਏਹ ਮੈਨੂੰ ਤੱਸਲੀ ਦਿੰਦੀਆਂ ਹਨ।" – ਜ਼ਬੂਰ 23:4

"ਉਹ ਦੇ ਵਿੱਚ ਜੋ ਮੈਨੂੰ ਬਲ ਦਿੰਦਾ ਹੈ ਮੈਂ ਸੱਭੋ ਕੁਝ ਕਰ ਸੱਕਦਾ ਹਾਂ।ਅਤੇ ਮੇਰਾ ਪਰਮੇਸ਼ਰ ਤੇਜ ਵਿੱਚ ਆਪਣੇ ਧਨ ਦੇ ਅਨੁਸਾਰ ਤੁਹਾਡੀ ਹਰੇਕ ਥੁੜ ਨੂੰ ਮਸੀਹ ਯਿਸੂ ਵਿੱਚ ਸੰਪੂਰਨ ਕਰੇਗਾ।" – ਫ਼ਿਲਿੱਪੀਆਂ 4:13, 19

# ਪਾਪ ਅਤੇ ਸ਼ਤਾਨ ਤੇ ਜਿੱਤ

"ਤੁਹਾਡੇ ਉੱਤੇ ਇਹੋ ਜਿਹਾ ਕੋਈ ਪਰਤਾਵਾ ਨਹੀਂ ਪਿਆ ਜੋ ਮਨੁੱਖ ਤੋਂ ਨਹੀਂ ਝੱਲਿਆ ਜਾਂਦਾ ਪਰੰਤੂ ਪਰਮੇਸ਼ਰ ਵਫ਼ਾਦਾਰ ਹੈ ਜੋ ਤੁਹਾਡੀ ਸ਼ਕਤੀਓਂ ਬਾਹਰ ਤੁਹਾਨੂੰ ਪਰਤਾਵੇ ਵਿੱਚ ਨਹੀਂ ਪੈਣ ਦੇਵੇਗਾ ਸਗੋਂ ਪਰਤਾਵੇ ਦੇ ਨਾਲ ਹੀ ਬਚ ਜਾਣ ਦਾ ਉਪਾਓ ਵੀ ਕੱਢ ਦੇਵੇਗਾ ਭਈ ਤੁਸੀਂ ਝੱਲ ਸੱਕੋ।" – 1 ਕੁਰਿੰਥੀਆਂ 10:13

"ਇਸ ਲਈ ਆਓ, ਅਸੀਂ ਕਿਰਪਾ ਦੇ ਸਿੰਘਾਸਣ ਦੇ ਅੱਗੇ ਦਿਲੇਰੀ ਨਾਲ ਚੱਲੀਏ ਭਈ ਅਸੀਂ ਦਯਾ ਪਰਾਪਤ ਕਰੀਏ ਅਤੇ ਉਹ ਕਿਰਪਾ ਪਾਈਏ ਜੋ ਵੇਲੇ ਸਿਰ ਸਾਡੀ ਸਹਾਇਤਾ ਕਰੇ।" – ਇਬਰਾਨੀਆਂ 4:16

"ਪਰ ਜੇ ਅਸੀਂ ਚਾਨਣ ਵਿੱਚ ਚੱਲੀਏ ਜਿਵੇਂ ਉਹ ਚਾਨਣ ਵਿੱਚ ਹੈ ਤਾਂ ਸਾਡੀ ਆਪੋ ਵਿੱਚੀਂ ਸੰਗਤ ਹੈ ਅਤੇ ਉਹ ਦੇ ਪੁੱਤਰ ਯਿਸੂ ਦਾ ਲਹੂ ਸਾਨੂੰ ਸਾਰੇ ਪਾਪ ਤੋਂ ਸ਼ੁੱਧ ਕਰਦਾ ਹੈ।" – 1 ਯੂਹੰਨਾ 1:7

"ਪਰ ਜੁਆਨੀ ਦੀਆਂ ਕਾਮਨਾਂ ਤੋਂ ਭੱਜ ਅਤੇ ਜਿਹੜੇ ਸਾਫ਼ ਦਿਲ ਤੋਂ ਪ੍ਰਭੂ ਦਾ ਨਾਮ ਲੈਂਦੇ ਹਨ ਉਨ੍ਹਾਂ ਨਾਲ ਧਰਮ, ਨਿਹਚਾ, ਪ੍ਰੇਮ ਅਤੇ ਮਿਲਾਪ ਦੇ ਮਗਰ ਲੱਗਾ ਰਹੁ।"
– 2 ਤਿਮੋਥਿਉਸ 2:22

"ਇਸੇ ਤਰਾਂ ਤੁਸੀਂ ਭੀ ਆਪ ਆਪਣੇ ਨੂੰ ਪਾਪ ਦੀ ਵੱਲੋਂ ਮੋਏ ਹੋਏ ਪਰ ਮਸੀਹ ਯਿਸੂ ਵਿੱਚ ਪਰਮੇਸ਼ਰ ਲਈ ਜੀਉਂਦੇ ਸਮਝੋ।" – ਰੋਮੀਆਂ 6:11

"ਉਪਰੰਤ ਤੁਸੀਂ ਪਰਮੇਸ਼ਰ ਦੇ ਅਧੀਨ ਹੋਵੋ। ਪਰ ਸ਼ਤਾਨ ਦਾ ਸਾਹਮਣਾ ਕਰੋ ਤਾਂ ਉਹ ਤੁਹਾਡੇ ਕੋਲੋਂ ਭੱਜ ਜਾਵੇਗਾ।"
– ਯਾਕੂਬ 4:7

"ਮੈਂ ਤੇਰੇ ਬਚਨ ਨੂੰ ਆਪਣੇ ਮਨ ਵਿੱਚ ਜਮਾ ਕਰ ਲਿਆ, ਤਾਂ ਜੋ ਤੇਰਾ ਪਾਪ ਨਾ ਕਰਾਂ।" – ਜ਼ਬੂਰ 119:11

"ਜਿਹੜਾ ਤੁਹਾਡੇ ਵਿੱਚ ਹੈ ਸੋ ਓਸ ਨਾਲੋਂ ਵੱਡਾ ਹੈ ਜਿਹੜਾ ਸੰਸਾਰ ਵਿੱਚ ਹੈ।" – 1 ਯੂਹੰਨਾ 4:4

"'ਮੇਰੇ ਦਰਸ਼ਣ ਦੀ ਖੋਜ ਕਰੋ,' ਤਾਂ ਮੇਰੇ ਮਨ ਨੇ ਤੈਨੂੰ ਆਖਿਆ, 'ਹੇ ਯਹੋਵਾਹ, ਮੈਂ ਤੇਰੇ ਦਰਸ਼ਣ ਦੀ ਖੋਜ ਕਰਾਂਗਾ। ਹੇ ਪਰਜਾ, ਹਰ ਵੇਲੇ ਉਸ ਉੱਤੇ ਭਰੋਸਾ ਰੱਖੋ, ਆਪਣਾ ਮਨ ਉਹ ਦੇ ਅੱਗੇ ਖੋਲ੍ਹ ਦਿਓ, ਪਰਮੇਸ਼ਰ ਸਾਡੀ ਪਨਾਹ ਹੈ।'" – ਜ਼ਬੂਰ 27:8; 62:8

"ਹੇ ਯਹੋਵਾਹ, ਮੈਨੂੰ ਚੰਗਾ ਕਰ ਤਾਂ ਮੈਂ ਚੰਗਾ ਹੋ ਜਾਵਾਂਗਾ! ਮੈਨੂੰ ਬਚਾ ਤਾਂ ਮੈਂ ਬਚਾਂਗਾ! ਕਿਉਂ ਜੋ ਤੂੰ ਮੇਰੀ ਉਸਤਤ ਹੈਂ।" – ਯਿਰਮਿਯਾਹ 17:14

"ਨਿੱਤ ਪ੍ਰਾਰਥਨਾ ਕਰੋ। ਹਰ ਹਾਲ ਵਿੱਚ ਧੰਨਵਾਦ ਕਰੋ ਕਿਉਂ ਜੋ ਤੁਹਾਡੇ ਲਈ ਮਸੀਹ ਯਿਸੂ ਵਿੱਚ ਪਰਮੇਸ਼ਰ ਦੀ ਇਹੋ ਇੱਛਿਆ ਹੈ।" – 1 ਥੱਸਲੁਨੀਕੀਆਂ 5:17, 18

"ਪਰ ਜੇ ਤੁਹਾਡੇ ਵਿੱਚੋਂ ਕਿਸੇ ਨੂੰ ਬੁੱਧ ਦਾ ਘਾਟਾ ਹੋਵੇ ਤਾਂ ਉਹ ਪਰਮੇਸ਼ਰ ਕੋਲੋਂ ਮੰਗੇ ਜਿਹੜਾ ਸਭਨਾਂ ਨੂੰ ਖੁਲ੍ਹੇ ਦਿਲ ਨਾਲ ਬਿਨਾ ਉਲਾਂਭੇ ਦਿੰਦਾ ਹੈ, ਤਾਂ ਉਹ ਨੂੰ ਦਿੱਤੀ ਜਾਵੇਗੀ।" – ਯਾਕੂਬ 1:5

"ਜੇ ਤੁਸੀਂ ਮੇਰੇ ਵਿੱਚ ਰਹੋ ਅਤੇ ਮੇਰੀਆਂ ਗੱਲਾਂ ਤੁਹਾਡੇ ਵਿੱਚ ਰਹਿਣ ਤਾਂ ਜੋ ਚਾਹੋ ਮੰਗੋ ਅਤੇ ਉਹ ਤੁਹਾਡੇ ਲਈ ਹੋ ਜਾਵੇਗਾ।" – ਯੂਹੰਨਾ 15:7

"ਮੈਂ ਯਹੋਵਾਹ ਨੂੰ ਭਾਲਿਆ ਅਤੇ ਉਸ ਨੇ ਮੈਨੂੰ ਉੱਤਰ ਦਿੱਤਾ, ਅਤੇ ਮੇਰਿਆਂ ਸਭਨਾਂ ਭੈਜਲਾਂ ਤੋਂ ਮੈਨੂੰ ਛੁਡਾਇਆ।" – ਜ਼ਬੂਰ 34:4

"ਜੇ ਮੈਂ ਆਪਣੇ ਮਨ ਵਿੱਚ ਬਦੀ ਰੱਖਦਾ, ਤਾਂ ਪ੍ਰਭੂ ਮੇਰੀ ਨਾ ਸੁਣਦਾ। ਹੇ ਯਹੋਵਾਹ, ਆਪਣੇ ਨਾਮ ਦੇ ਨਮਿੱਤ ਮੇਰੀ ਬਦੀ ਨੂੰ ਖਿਮਾ ਕਰ ਕਿਉਂ ਜੋ ਉਹ ਵੱਡੀ ਹੈ।" – ਜ਼ਬੂਰ 66:18; 25:11

"ਕਿਸੇ ਗੱਲ ਦੀ ਚਿੰਤਾ ਨਾ ਕਰੋ ਸਗੋਂ ਹਰ ਗੱਲ ਵਿੱਚ ਤੁਹਾਡੀਆਂ ਅਰਦਾਸਾਂ ਪ੍ਰਾਰਥਨਾ ਅਤੇ ਬੇਨਤੀ ਨਾਲ ਧੰਨਵਾਦ ਸਣੇ ਪਰਮੇਸ਼ਰ ਦੇ ਅੱਗੇ ਕੀਤੀਆਂ ਜਾਣ।" – ਫ਼ਿਲਿੱਪੀਆਂ 4:6

"ਇਸ ਲਈ ਜੋ ਪ੍ਰਭੂ ਆਪ ਲਲਕਾਰੇ ਨਾਲ, ਮਹਾਂ ਦੂਤ ਦੀ ਅਵਾਜ਼ ਨਾਲ ਅਤੇ ਪਰਮੇਸ਼ਰ ਦੀ ਤੁਰ੍ਹੀ ਨਾਲ ਸੁਰਗ ਤੋਂ ਉਤਰੇਗਾ ਅਤੇ ਜਿਹੜੇ ਮਸੀਹ ਵਿੱਚ ਹੋ ਕੇ ਮੋਏ ਹਨ ਓਹ ਪਹਿਲਾਂ ਜੀ ਉੱਠਣਗੇ। ਤਦ ਅਸੀਂ ਜਿਹੜੇ ਜੀਉਂਦੇ ਅਤੇ ਬਾਕੀ ਰਹਿੰਦੇ ਹਾਂ ਓਹਨਾਂ ਦੇ ਨਾਲ ਹੀ ਹਵਾ ਵਿੱਚ ਪ੍ਰਭੂ ਦੇ ਮਿਲਣ ਨੂੰ ਬੱਦਲਾਂ ਉੱਤੇ ਅਚਾਣਕ ਉਠਾਏ ਜਾਵਾਂਗੇ ਅਤੇ ਇਸੇ ਤਰਾਂ ਅਸੀਂ ਸਦਾ ਪ੍ਰਭੂ ਦੇ ਸੰਗ ਰਹਾਂਗੇ।"

– 1 ਥੱਸਲੁਨੀਕੀਆਂ 4:16, 17

"ਸੋ ਹੇ ਪਿਆਰਿਓ, ਜਦੋਂ ਏਹ ਬਚਨ ਸਾਨੂੰ ਦਿੱਤੇ ਹੋਏ ਹਨ ਤਾਂ ਆਓ, ਅਸੀਂ ਆਪਣੇ ਆਪ ਨੂੰ ਸਰੀਰ ਅਤੇ ਆਤਮਾ ਦੀ ਸਾਰੀ ਮਲੀਨਤਾਈ ਤੋਂ ਸ਼ੁੱਧ ਕਰਕੇ ਪਰਮੇਸ਼ਰ ਦੇ ਭੌ ਨਾਲ ਪਵਿੱਤਰਤਾਈ ਨੂੰ ਸੰਪੂਰਨ ਕਰੀਏ।" – 2 ਕੁਰਿੰਥੀਆਂ 7:1

"ਅਤੇ ਹੁਣ ਹੇ ਬੱਚਿਓ, ਤੁਸੀਂ ਉਹ ਦੇ ਵਿੱਚ ਕਾਇਮ ਰਹੋ ਭਈ ਜਦ ਉਹ ਪਰਗਟ ਹੋਵੇ ਤਾਂ ਸਾਨੂੰ ਦਿਲੇਰੀ ਹੋਵੇ ਅਤੇ ਉਹ ਦੇ ਆਉਣ ਦੇ ਵੇਲੇ ਅਸੀਂ ਉਹ ਦੇ ਅੱਗੇ ਲੱਜਿਆਵਾਨ ਨਾ ਹੋਈਏ।" –1 ਯੂਹੰਨਾ 2:28

"ਤੁਸੀਂ ਵੀ ਧੀਰਜ ਕਰੋ। ਆਪਣਿਆਂ ਮਨਾਂ ਨੂੰ ਤਕੜਿਆਂ ਰੱਖੋ ਕਿਉਂ ਜੋ ਪ੍ਰਭੂ ਦਾ ਆਉਣਾ ਨੇੜੇ ਹੀ ਹੈ। ਹੇ ਭਰਾਵੋ, ਇੱਕ ਦੂਏ ਦੇ ਵਿਰੁੱਧ ਬੁੜ ਬੁੜ ਨਾ ਕਰੋ ਭਈ ਤੁਸੀਂ ਦੋਸ਼ੀ ਨਾ ਠਹਿਰਾਏ ਜਾਓ। ਵੇਖੋ, ਨਿਆਈ ਬੂਹੇ ਉੱਤੇ ਖਲੋਤਾ ਹੈ!" – ਯਾਕੂਬ 5:8, 9

"ਤੁਸੀਂ ਵੀ ਤਿਆਰ ਰਹੋ ਕਿਉਂਕਿ ਜਿਸ ਘੜੀ ਤੁਹਾਨੂੰ ਚਿੱਤ ਚੇਤਾ ਨਾ ਹੋਵੇ ਉਸੇ ਘੜੀ ਮਨੁੱਖ ਦਾ ਪੁੱਤਰ ਆ ਜਾਵੇਗਾ।" – ਲੂਕਾ 12:40

# ਪ੍ਰਮਾਤਮਾ ਦੀ ਭਾਵਨਾ ਨਾਲ ਭਰਪੂਰ ਰਹੋ

ਤੁਸੀ ਮੇਰੀ ਤਾੜਨਾ ਉਤੇ ਧਿਆਨ ਦੇਵੋਂ ਤਾਂ ਮੈਂ ਤੁਹਾਨੂੰ ਅਪਣੀ ਸਮਜ ਦਾ ਆਤਮਾ ਦੇਵਾਂਗਾ ਅਤੇ ਤੁਹਾਡੇ ਉਤੇ ਆਪਣੇ ਸ਼ਬਦਾਂ ਦਾ ਭੇਦ ਪਰਗਟ ਕਰਾਂਗੀ।

ਪਤਰਸ ਨੇ ਉਹਨਾਂ ਨੂੰ ਕਿਹਾ, ਤੁਹਾਡੇ ਵਿੱਚੋ ਹਰ ਕੋਈ ਆਪਣੇ ਪਾਪਾਂ ਤੋਂ ਮੁੜੇ ਅਤੇ ਯਿਸੂ ਮਸੀਹ ਦੇ ਨਾਂ ਤੇ ਬਪਤਿਸਮਾ ਲਵੇ, ਤਾਂ ਜੋ ਤੁਹਾਡੇ ਪਾਪ ਮਾਫ਼ ਹੋ ਜਾਣ ਇਸ ਤੋ ਤੁਹਾਨੂੰ ਪਵਿੱਤਰ ਆਤਮਾ ਵਰਦਾਨ ਦੇ ਤੌਰ ਤੇ ਮਿਲੇਗੀ।

ਚੇਲਿਆਂ ਦੇ ਕਰੱਤਵ 2 : 38

ਸ਼ਰਾਬ ਪੀਣੀ ਛੱਡ ਦਿਉ ਨਹੀਂ ਤਾਂ ਇਹ ਤੁਹਾਡਾ ਨਾਸ਼ ਕਰ ਦੇਵੇਗੀ। ਇਸ ਲਈ ਇਸ ਦੀ ਥਾਂ ਪਵਿੱਤਰ ਆਤਮਾ ਨਾਲ ਭਰ ਜਾਵੋ ਇਕ ਦੂਜੇ ਵੱਲ ਭਜਨਾਂ, ਗੀਤਾਂ ਅਤੇ ਆਤਮਕ ਰਾਗਾਂ ਦੇ ਰਾਹੀਂ ਆਪਣੇ ਭਾਵ ਪ੍ਰਗਟ ਕਰੋ। ਆਪਣੇ ਮਨੋਂ ਪ੍ਰਭੂ ਦਾ ਭਜਨ ਅਤੇ ਸਿਮਰਨ ਕਰੋ। ਪਰਮੇਸ਼ਰ ਪਿਤਾ ਦਾ ਪ੍ਰਭੂ ਯਿਸੂ ਮਸੀਹ ਦੇ ਨਾਂ ਦੁਆਰਾ ਧੰਨਵਾਦ ਸਭ ਚੀਜ਼ਾਂ ਦੇ ਲਈ ਕਰੋ। ਮਸੀਹ ਦਾ ਡਰ ਮੰਨਦੇ ਹੋਏ ਆਪਣੇ ਆਪ ਨੂੰ ਇੱਕ ਦੂਜੇ ਨੂੰ ਸੌਂਪ ਦੇਵੋ। ਅਫਸੀਆਂ 5 : 18–21

ਕੀ ਤੁਸੀਂ ਨਹੀਂ ਜਾਣਦੇ ਹੋ ਕਿ ਤੁਸੀਂ ਪਰਮੇਸ਼ਰ ਦਾ ਮੰਦਰ ਹੋ ਅਤੇ ਪਰਮੇਸ਼ਰ ਦਾ ਆਤਮਾ ਤੁਹਾਡੇ ਅੰਦਰ ਵਾਸ ਕਰਦਾ ਹੈ। ਤੁਸੀਂ ਮੁੱਲ ਦੇ ਕੇ ਖਰੀਦੇ ਗਏ ਹੋ ਇਸ ਲਈ ਆਪਣੇ ਸਰੀਰ ਦੁਆਰਾ ਪਰਮੇਸ਼ਰ ਦੀ ਵਡਿਆਈ ਕਰੋ। 1 ਕੁਰਿੰਥੁਸ 3:16, 6 : 20

ਜਦੋ ਉਹ ਪ੍ਰਾਰਥਨਾ ਕਰ ਚੁਕੇ ਤਾਂ ਉਹ ਥਾਂ ਜਿਥੇ ਉਹ ਇਕੱਠੇ ਹੋਏ ਸਨ। ਹਿਲ ਗਿਆ, ਫਿਰ ਉਹ ਪਵਿੱਤਰ ਆਤਮਾ ਨਾਲ ਭਰ ਗਏ। ਅਤੇ ਬੜੀ ਦਲੇਰੀ ਨਾਲ ਪਰਮੇਸ਼ਰ ਦਾ ਵਚਨ ਸੁਣਾਉਂਦੇ ਰਹੇ।

ਚੇਲਿਆਂ ਦੇ ਕਰਤੱਵ 4 : 31

Read booklets online or by App
www.wmp-readonline.org

www.wmpress.org 5-21 1578 Punjabi HKG